


ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਬੁੱਧਵਾਰ, 15 ਜਨਵਰੀ 2025
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 213, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111




## ਆਸਟਰੇਲੀਆ 'ਚ ਵਿਦੇਸ਼ੀ ਕਾਮਿਆਂ ਤੇ ਵਿਦਿਆਰਥੀਆਂ ਲਈ ਨਵਾਂ ਕਾਨੂੰਨ ਹੋਇਆ ਲਾਗੂ

**ਆਸਟਰੇਲੀਆ ਲੋਕ ਬਾਣੀ-** ਆਸਟਰੇਲੀਆ ਨੇ ਕਾਮਿਆਂ ਦਾ ਸ਼ੋਸ਼ਣ ਰੋਕਣ ਲਈ ਸਖ਼ਤੀ ਕਰਨੀ ਸ਼ੁਰੂ ਕਰ ਕੀਤੀ ਹੈ। ਇਕ ਮਿਥੀ ਹੱਦ ਨਾਲੋਂ ਘੱਟ ਤਨਖ਼ਾਹ ਦੇਣ ਵਾਲੇ ਕਾਰੋਬਾਰੀਆਂ ਲਈ ਨਵਾਂ ਕਾਨੂੰਨ ਪਹਿਲੀ ਜਨਵਰੀ ਤੋਂ ਲਾਗੂ ਕੀਤਾ ਜਾ ਚੁੱਕਾ ਹੈ। ਹੁਣ ਕਿਸੇ ਮੁਲਾਜ਼ਮ ਨੂੰ ਘੱਟ ਤਨਖ਼ਾਹ ਦੇਣ ਜਾਂ ਹੱਕਾਂ ਤੋਂ ਵਾਂਝੇ ਰੱਖਣ ਦੀ ਅਣਗਹਿਲੀ ਇੱਕ ਸਜ਼ਾਯੋਗ ਜੁਰਮ ਹੋਵੇਗੀ।ਗੌਰਤਲਬ ਹੈ ਕਿ ਕਈ ਕਾਰੋਬਾਰੀ ਕਾਮਿਆਂ ਨੂੰ ਘੱਟ ਤਨਖ਼ਾਹ ਦੇ ਕੇ ਉਨ੍ਹਾਂ ਦਾ ਸ਼ੋਸ਼ਣ ਕਰਦੇ ਸਨ। ਆਰਥਿਕ ਲੁੱਟ ਦੇ ਸ਼ਿਕਾਰ ਪੀੜਤਾਂ 'ਚ ਖ਼ਾਸਕਰ ਭਾਰਤ ਸਮੇਤ ਹੋਰਨਾਂ




ਮੁਲਕਾਂ ਤੋਂ ਆਏ ਸਟੂਡੈਂਟਸ, ਕੱਚੇ ਵੀਜ਼ੇ ਵਾਲੇ ਪਰਵਾਸੀ ਵਰਕਰ ਵਧੇਰੇ ਹਨ। ਇਨ੍ਹਾਂ ਨੂੰ ਕਈ ਕਾਰੋਬਾਰੀ ਸਸਤੀ ਲੇਬਰ ਦੇ ਤੌਰ 'ਤੇ ਵਰਤਦੇ ਹਨ

## ਰਾਜੌਰੀ ਵਿੱਚ LoC ਨੇੜੇ ਬਾਰੂਦੀ ਸੁਰੰਗ ਫਟਣ ਕਾਰਨ ਛੇ ਜਵਾਨ ਜ਼ਖ਼ਮੀ

**ਜੰਮੂ, ਲੋਕ ਬਾਣੀ-** ਅਧਿਕਾਰੀਆਂ ਨੇ ਦੱਸਿਆ ਕਿ ਮੰਗਲਵਾਰ ਨੂੰ ਜੰਮੂ-ਕਸ਼ਮੀਰ ਦੇ ਰਾਜੌਰੀ ਜ਼ਿਲ੍ਹੇ ਵਿੱਚ ਕੰਟਰੋਲ ਰੇਖਾ (✶✿3) ਨੇੜੇ ਇੱਕ ਬਾਰੂਦੀ ਸੁਰੰਗ ਧਮਾਕੇ ਵਿੱਚ ਛੇ ਸੈਨਿਕ ਜ਼ਖ਼ਮੀ ਹੋ ਗਏ। ਇਹ ਧਮਾਕਾ ਰਾਜੌਰੀ ਦੇ ਨੌਸ਼ਹਿਰਾ ਸੈਕਟਰ ਵਿੱਚ ਧਮਾਕਾ ਹੋਇਆ।

ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੰਦਿਆਂ ਕਿਹਾ, ਇਹ ਘਟਨਾ ਸਵੇਰੇ 10.45 ਵਜੇ ਦੇ ਕਰੀਬ ਵਾਪਰੀ ਜਦੋਂ ਕੰਟਰੋਲ ਰੇਖਾ ਦੇ ਨੌਸ਼ਹਿਰਾ ਸੈਕਟਰ ਵਿੱਚ



ਗਸ਼ਤ ਕਰ ਰਹੇ ਇੱਕ ਫ਼ੌਜੀ ਜਵਾਨ ਨੇ ਗਲਤੀ ਨਾਲ ਇੱਕ ਬਾਰੂਦੀ ਸੁਰੰਗ 'ਤੇ ਪੈਰ ਰੱਖ ਦਿੱਤਾ, ਜਿਸ ਕਾਰਨ ਛੇ ਫ਼ੌਜੀ ਜਵਾਨ ਜ਼ਖ਼ਮੀ ਹੋ ਗਏ

## ਸਕੂਲਾਂ ਨੂੰ ਬੰਬ ਦੀਆਂ ਧਮਕੀਆਂ ਦੇਣ ਵਾਲਾ ਵਿਦਿਆਰਥੀ: ਦਿੱਲੀ ਪੁਲੀਸ

**ਨਵੀਂ ਦਿੱਲੀ, ਲੋਕ ਬਾਣੀ-** ਦਿੱਲੀ ਪੁਲੀਸ ਨੇ ਮੰਗਲਵਾਰ ਨੂੰ ਦਾਅਵਾ ਕੀਤਾ ਹੈ ਕਿ ਸ਼ਹਿਰ ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਭੇਜਣ ਦੇ ਦੋਸ਼ ਵਿੱਚ ਹਾਲ 'ਚ ਹੀ ਗ੍ਰਿਫ਼ਤਾਰ ਕੀਤਾ ਗਿਆ 12ਵੀਂ ਜਮਾਤ ਦਾ ਵਿਦਿਆਰਥੀ ਇੱਕ ਅਜਿਹੀ NGO ਨਾਲ ਜੁੜਿਆ ਹੋਇਆ ਹੈ, ਜਿਹੜੀ ਇੱਕ ਰਾਜਨੀਤਿਕ ਪਾਰਟੀ ਦੀ ਹਮਾਇਤ ਕਰਦੀ ਹੈ। ਇੱਕ ਪੁਲੀਸ ਅਧਿਕਾਰੀ




ਨੇ ਕਿਹਾ ਕਿ ਜਾਂਚ ਦੌਰਾਨ ਉਨ੍ਹਾਂ ਨੂੰ ਇਹ ਵੀ ਪਤਾ ਲੱਗਾ ਕਿ ©7® (ਗ਼ੈਰ-ਸਰਕਾਰੀ ਸੰਸਥਾ) ਨੇ ਸੰਸਦ 'ਤੇ ਹਮਲੇ ਦੇ ਦੋਸ਼ੀ ਅਫਜ਼ਲ ਗੁਰੂ ਦੀ ਹਮਾਇਤ ਕੀਤੀ ਸੀ।

## ਪੰਜਾਬ ਵਿੱਚ ਮਾਘੀ ਤੇ ਇਕ ਹੋਰ ਪਾਰਟੀ ਦਾ ਨਾਮ ਤੇ ਐਲਾਨ ਹੋਇਆ

**ਸ੍ਰੀ ਮੁਕਤਸਰ ਸਾਹਿਬ,, ਲੋਕ ਬਾਣੀ-** -ਪੰਜਾਬਵਿਚ ਅੱਜ ਮਾਘੀ ਮੇਲੇ 'ਤੇ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਨਾਲ ਜੁੜੀ ਵੱਡੀ ਖ਼ਬਰ ਸਾਹਮਣੇ ਆਈ ਹੈ। ਮੇਲੇ 'ਤੇ ਸਿਆਸੀ ਕਾਨਫਰੰਸ ਦੌਰਾਨ ਅੰਮ੍ਰਿਤਪਾਲ ਸਿੰਘ ਦੇ ਧੜੇ ਵੱਲੋਂ ਸਿਆਸੀ ਪਾਰਟੀ ਦਾ ਐਲਾਨ ਕਰ ਦਿੱਤਾ ਗਿਆ ਹੈ। ਵਾਰਿਸ ਪੰਜਾਬ ਦੇ ਮੁਖੀ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਦਾ ਨਾਮ 'ਅਕਾਲੀ ਦਲ ਵਾਰਿਸ ਪੰਜਾਬ ਦੇ' ਰੱਖਿਆ ਗਿਆ ਹੈ। ਦੱਸ ਦਈਏ




ਕਿ ਅੰਮ੍ਰਿਤਪਾਲ ਸਿੰਘ ਇਸ ਸਮੇਂ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਸਾਥੀਆਂ ਸਮੇਤ ਬੰਦ ਹਨ। ਉਨ੍ਹਾਂ ਉਪਰ ਪੰਜਾਬ ਸਰਕਾਰ ਵੱਲੋਂ NSA ਕਾਨੂੰਨ ਲਾਗੂ ਕੀਤਾ ਹੋਇਆ ਹੈ।

## ਖਨੌਰੀ ਸਰਹੱਦ ਤੇ ਸੰਯੁਕਤ ਕਿਸਾਨ ਮੋਰਚੇ ਦਾ 101 ਕਿਸਾਨਾਂ ਦਾ ਜਥਾ ਕਾਲੇ ਚੋਲੇ ਪਾ ਕੇ ਮਰਨ ਵਰਤ ਤੇ ਬੈਠੇਗਾ

**ਖਨੌਰੀ ਲੋਕ ਬਾਣੀ-** ਕਿਸਾਨੀ ਮੰਗਾਂ ਲਈ ਪਿਛਲੇ ਲੰਮੇ ਸਮੇਂ ਤੋਂ ਖਨੌਰੀ ਸਰਹੱਦ ਉਤੇ ਅੰਦੋਲਨ ਕਰ ਰਹੇ ਸੰਯੁਕਤ ਕਿਸਾਨ ਮੋਰਚਾ ਅਤੇ ਕਿਸਾਨ ਮਜ਼ਦੂਰ ਮੋਰਚੇ ਦਾ 101 ਕਿਸਾਨਾਂ ਦਾ ਜਥਾ 15 ਜਨਵਰੀ ਦਿਨ ਬੁੱਧਵਾਰ ਨੂੰ ਕਾਲੇ ਚੋਲੇ ਪਾ ਕੇ ਪੰਜਾਬ-ਹਰਿਆਣਾ ਸੂਬਿਆਂ ਦੀ ਸਰਹੱਦ ਉਤੇ ਮਰਨ ਵਰਤ ਉਤੇ ਬੈਠੇਗਾ। ਇਹ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਗੁਰਵਿੰਦਰ ਸਿੰਘ



ਭੰਗੂ ਨੇ ਦਿੱਤੀ।

## 19 ਸਾਲ ਬਾਅਦ ਵੀ ਨਾ ਤੁਰੀ ਚਾਲ਼ੀ ਮੁਕਤਿਆਂ ਦੀ ਸ਼ਹੀਦੀ ਯਾਦਗਾਰ ਦੀ ਗੱਲ

**ਸ੍ਰੀ ਮੁਕਤਸਰ ਸਾਹਿਬ ਲੋਕ ਬਾਣੀ,-** ਜਿਉਂ ਹੀ ਸ੍ਰੀ ਮੁਕਤਸਰ ਸਾਹਿਬ ਦੇ ਮੇਲਾ ਮਾਘੀ ਦਾ ਜ਼ਿਕਰ ਹੁੰਦਾ ਹੈ ਤਾਂ 19 ਸਾਲ 8 ਮਹੀਨੇ ਪਹਿਲਾਂ 2 ਮਈ 2005 ਨੂੰ ਮਾਈ ਭਾਗੋ ਤੇ ਚਾਲ਼ੀ ਮੁਕਤਿਆਂ ਦੇ 300 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਯਾਦਗਾਰ ਬਣਾਉਣ ਦੇ ਰੱਖੇ ਨੀਂਹ ਪੱਥਰ ਦੀ ਆਮ ਲੋਕ ਤਾਂ ਚਰਚਾ ਕਰਦੇ ਹਨ, ਪਰ ਅਫ਼ਸੋਸ ਦੀ ਗੱਲ ਹੈ ਕਿ ਹੁਣ ਕੋਈ ਵੀ ਧਾਰਮਿਕ ਜਾਂ ਸਿਆਸੀ ਆਗੂ ਇਸ ਯਾਦਗਾਰ ਦੀ ਗੱਲ ਨਹੀਂ ਕਰਦਾ।




ਇਹ ਨੀਂਹ ਪੱਥਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਤਤਕਾਲੀ ਪ੍ਰਧਾਨ ਬੀਬੀ ਜਗੀਰ ਕੌਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਤਤਕਾਲੀ ਪ੍ਰਧਾਨ ਸਵਰਗੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਰੱਖਿਆ

## ਪੀ.ਟੀ.ਆਈ. ਤੇ ਆਰਟ ਕਰਾਫਟ ਅਧਿਆਪਕਾਂ ਵਲੋਂ ਸੁਨਾਮ ਚ ਰੋਸ ਮਾਰਚ

**ਸੁਨਾਮ, ਊਧਮ ਸਿੰਘ ਵਾਲਾ (ਲੋਕ ਬਾਣੀ)-,** -ਸੰਗਰੂਰ, ਮਾਨਸਾ, ਬਰਨਾਲਾ ਅਤੇ ਪਟਿਆਲਾ ਜ਼ਿਲ੍ਹਿਆਂ ਦੇ ਪੀ.ਟੀ. ਆਈ. ਅਤੇ ਆਰਟ ਐਂਡ ਕਰਾਫਟ ਅਧਿਆਪਕਾਂ ਨੇ ਸਥਾਨਕ ਮਾਤਾ ਮੋਦੀ ਪਾਰਕ ਵਿਖੇ ਇਕੱਠੇ ਹੋ ਕੇ ਡੈਮੋਕਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਪਟਿਆਲਾ ਦੀ ਅਗਵਾਈ ਵਿਚ ਰੋਸ ਮਾਰਚ ਕਰਨ ਉਪਰੰਤ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਤਨਖਾਹ ਕਟੌਤੀ ਬੰਦ ਕਰਨ ਦੀ ਮੰਗ ਨੂੰ ਲੈ ਕੇ ਯਾਦ ਪੱਤਰ ਦਿੱਤਾ, ਜਿਸ ਵਿਚ ਉਨ੍ਹਾਂ ਕਿਹਾ ਕਿ ਡਾਇਰੈਕਟਰ ਸਕੂਲ



ਐਜੂਕੇਸ਼ਨ (ਸੈਕੰਡਰੀ) ਪੰਜਾਬ ਵਲੋਂ ਬੀਤੀ 8 ਨਵੰਬਰ ਨੂੰ ਇਕ ਪੱਤਰ ਜ਼ਰੀਏ ਪੀ. ਟੀ.ਆਈ. ਅਤੇ ਆਰਟ ਕਰਾਫਟ ਅਧਿਆਪਕਾਂ ਦੀ ਤਨਖ਼ਾਹ ਰਵਿਜ਼ਨ ਅਤੇ ਰਿਕਵਰੀ ਕਰਨ ਦਾ ਨਾਦਰਸ਼ਾਹੀ ਫਰਮਾਨ ਜਾਰੀ ਕੀਤਾ ਗਿਆ ਹੈ,

## ਦੂਸ਼ਣ ਰੋਕਥਾਮ ਟੀਮ ਵੱਲੋਂ ਦੁਕਾਨਾਂ ਦੀ ਚੈਕਿੰਗ

**ਜਲੰਧਰ, (ਲੋਕ ਬਾਣੀ)--**ਚੀਨੀ ਡੋਰ 'ਤੇ ਪੂਰਨ ਪਾਬੰਦੀ ਲਗਾਉਣ ਲਈ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਖੇਤਰੀ ਦਫ਼ਤਰ ਜਲੰਧਰ ਵੱਲੋਂ ਅੱਜ ਦੁਕਾਨਾਂ 'ਤੇ ਛਾਪੇ ਮਾਰੇ ਗਏ।ਇਸ ਸਬੰਧੀ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਖੇਤਰੀ ਦਫ਼ਤਰ ਜਲੰਧਰ ਦੇ ਐਕਸੀਅਨ ਸੰਦੀਪ ਸਿੰਘ ਨੇ ਦੱਸਿਆ ਕਿ ਪਾਬੰਦੀਸ਼ੁਦਾ ਡੋਰ ਦੀ ਜਾਂਚ ਲਈ ਖੇਤਰੀ ਦਫ਼ਤਰ ਵੱਲੋਂ ਚੈਕਿੰਗ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ ਤਾਂ ਜੋ ਇਸ ਡੋਰ ਦੀ ਵਰਤੋਂ ਨੂੰ ਠੱਲ੍ਹ ਪਾਈ ਜਾ ਸਕੇ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਚੀਨੀ ਡੋਰ 'ਤੇ ਪਾਬੰਦੀ ਲਗਾਈ ਗਈ ਹੈ।



ਇਸ ਪਾਬੰਦੀ ਦੇ ਬਾਵਜੂਦ ਇਸ ਡੋਰ ਨੂੰ ਵੇਚਣ ਵਾਲਿਆਂ ਖ਼ਿਲਾਫ਼ 10 ਹਜ਼ਾਰ ਰੁਪਏ ਤੋਂ ਲੈ ਕੇ 15 ਲੱਖ ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾ ਸਕਦਾ ਹੈ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਅੰਮ੍ਰਿਤਸਰ ਚ ਇੱਕ ਘਰ ਵਿੱਚ ਧਮਾਕਾ, ਦਰਵਾਜ਼ੇ ਬੰਦ ਕਰਕੇ ਜਾਂਚ ਚ ਜੁਟੀ ਪੁਲਿਸ, ਜਾਂਚ ਦੌਰਾਨ ਪੁਲਿਸ ਦਾ ਦਾਅਵਾ- ਕੋਈ ਧਮਾਕਾ ਨਹੀਂ ਹੋਇਆ

(ਲੋਕ ਬਾਣੀ)- ਮਾਘੀ ਦੀ ਸਵੇਰ ਅੰਮ੍ਰਿਤਸਰ ਦੇ ਝੁਝਾਰ ਐਵਨਿਊ ਵਿੱਚ ਬਲਾਸਟ ਹੋਣ ਦੀ ਜਾਣਕਾਰੀ ਸਾਹਮਣੇ ਆਈ ਸੀ। ਇਸ ਸਬੰਧੀ ਮੌਕੇ ਤੇ ਹੀ ਵੱਖ-ਵੱਖ ਪੁਲਿਸ ਦੀਆਂ ਟੀਮਾਂ ਅਤੇ ਮੀਡੀਆ ਵੀ ਪਹੁੰਚਿਆ ਅਤੇ ਇਹ ਬਲਾਸਟ ਦੀ ਜਾਣਕਾਰੀ ਝੁਜਾਰ ਅਵਨਿਓ ਗਲੀ ਨੰਬਰ ਇੱਕ ਵਿੱਚ ਸਥਿਤ ਇੱਕ ਘਰ ਦੇ ਸਾਹਮਣੇ ਆਈ ਸੀ ਜਦੋਂ ਇਸ ਸਬੰਧੀ ਪੁਲਿਸ ਨੇ ਸਾਰੀ ਮਾਮਲੇ ਦੀ ਜਾਂਚ ਕੀਤੀ ਤਾਂ ਪਤਾ ਚੱਲਿਆ ਕਿ ਕਿਸੇ ਸ਼ਰਾਰਤੀ ਅਨਸਰ ਵੱਲੋਂ ਘਰ ਦੇ ਵਿੱਚ ਇੱਕ ਕੱਚ ਦੀ ਬੋਤਲ ਸੁੱਟੀ ਗਈ ਹੈ ਅਤੇ ਇਸ ਘਰ ਦੇ ਵਿੱਚ ਕਿਸੇ ਵੀ ਤਰੀਕੇ ਦਾ ਬਲਾਸਟ ਨਹੀਂ ਹੋਇਆ ਇਸ ਸੰਬਧੀ ਜਾਣਕਾਰੀ ਦਿੰਦੇ ਹੋਏ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਸੋਸ਼ਲ ਮੀਡੀਆ ਤੋਂ ਉਹਨਾਂ ਨੂੰ ਜਾਣਕਾਰੀ ਮਿਲੀ ਸੀ ਕਿ ਅੰਮ੍ਰਿਤਸਰ ਦੇ ਵਿੱਚ ਝੁਝਾਰ ਐਵਨਿਊ ਚ ਬਲਾਸਟ ਹੋਣ ਦੀ



ਖਬਰ ਚੱਲ ਰਹੀ ਹੈ। ਜਿਸ ਤੋਂ ਬਾਅਦ ਪੁਲਿਸ ਨੇ ਇਸਦੀ ਜਾਂਚ ਕੀਤੀ ਤਾਂ ਪਤਾ ਚੱਲਿਆ ਕਿ 112 ਤੇ ਪੁਲਿਸ ਨੂੰ ਕੰਪਲੇਂਟ ਆਈ ਸੀ ਕਿ ਇੱਕ ਘਰ ਦੇ ਵਿੱਚ ਕਿਸੇ ਸ਼ਰਾਰਤੀ ਅਨਸਰ ਵੱਲੋਂ ਬੋਤਲ ਸੁੱਟੀ ਗਈ ਹੈ। ਜਦੋਂ ਉਹਨਾਂ ਨੇ ਮੌਕੇ ਤੇ ਪਹੁੰਚ ਕੇ ਦੀ ਜਾਂਚ ਕੀਤੀ ਤਾਂ ਪਤਾ ਚੱਲਿਆ ਕਿ ਬਲਾਸਟ ਦੀ ਸਾਰੀ ਜਾਣਕਾਰੀ ਝੂਠੀ ਹੈ ਅਤੇ ਘਰ ਦੇ ਵਿੱਚ ਕਿਸੇ ਵੀ ਤਰੀਕੇ ਦਾ ਕੋਈ ਬਲਾਸਟ ਨਹੀਂ ਹੋਇਆ ਇਸ ਦੇ ਨਾਲ ਹੀ ਪਰਿਵਾਰਿਕ ਮੈਂਬਰਾਂ ਨੇ ਵੀ ਇਹ ਕਿਹਾ ਕਿ ਘਰ ਦੇ ਵਿੱਚ ਕਿਸੇ ਤਰੀਕੇ ਦਾ ਕੋਈ ਬਲਾਸਟ ਨਹੀਂ ਹੋਇਆ ਤੇ ਨਾ ਹੀ ਉਹਨਾਂ ਨੇ ਇਸ ਸਬੰਧੀ ਕੋਈ ਜਾਣਕਾਰੀ ਸਾਂਝੀ ਕੀਤੀ।

# ਖ਼ੁਦ ਨੂੰ ਗੈਂਗਸਟਰ ਗੋਲਡੀ ਬਰਾੜ ਦੱਸ ਕੇ ਕਾਰੋਬਾਰੀ ਕੋਲੋਂ ਮੰਗੀ ਫਿਰੌਤੀ, ਵਿਦੇਸ਼ੀ ਨੰਬਰ ਤੋਂ ਆਈ ਵ੍ਹਟਸਐਪ ਕਾਲ




ਲੁਧਿਆਣਾ (ਲੋਕ ਬਾਣੀ)-: ਵਿਦੇਸ਼ੀ ਨੰਬਰ ਤੋਂ ਵਟਸਐਪ ਕਾਲ ਕਰਨ ਵਾਲੇ ਵਿਅਕਤੀ ਨੇ ਖੁਦ ਨੂੰ ਗੋਲਡੀ ਬਰਾੜ ਦੱਸ ਕੇ ਲੁਧਿਆਣਾ ਦੇ ਇਕ ਕਾਰੋਬਾਰੀ ਕੋਲੋਂ ਫਿਰੌਤੀ ਦੀ ਮੰਗ ਕੀਤੀ। ਇਸ ਮਾਮਲੇ ਸਬੰਧੀ ਗਲੀ ਨੰਬਰ 17 ਮੁਹੱਲਾ ਜਨਤਾ ਨਗਰ ਦੇ ਰਹਿਣ ਵਾਲੇ ਅੰਕਿਤ ਕੁਮਾਰ ਨੇ ਥਾਣਾ ਡਿਵੀਜ਼ਨ ਨੰਬਰ ਛੇ ਦੀ ਪੁਲਿਸ ਨੂੰ ਸ਼ਿਕਾਇਤ ਦਿੰਦਿਆਂ ਦੱਸਿਆ ਕਿ ਲੋਹੜੀ ਵਾਲੇ ਦਿਨ ਉਹ ਆਪਣੇ ਘਰ ਮੌਜੂਦ ਸੀ, ਇਸੇ ਦੌਰਾਨ ਉਸ ਨੂੰ ਵਿਦੇਸ਼ੀ ਨੰਬਰ ਤੋਂ ਵੋਇਸ ਕਾਲ ਅਤੇ ਵਟਸਐਪ ਮੈਸੇਜ ਆਉਣੇ ਸ਼ੁਰੂ ਹੋਏ। ਕਾਲਰ ਨੇ ਖੁਦ ਨੂੰ ਗੈਂਗਸਟਰ ਗੋਲਡੀ ਬਰਾੜ ਦੱਸਿਆ ਅਤੇ ਜਾਨੋਂ ਮਾਰਨ ਦੀ ਧਮਕੀ ਦੇ ਕੇ ਜਬਰੀ ਵਸੂਲੀ ਕਰਨ ਦੀ ਕੋਸ਼ਿਸ਼ ਕੀਤੀ। ਉਧਰੋਂ ਇਸ ਮਾਮਲੇ ਚ ਥਾਣਾ ਡਿਵੀਜ਼ਨ ਨੰਬਰ ਛੇ ਦੀ ਪੁਲਿਸ ਨੇ ਅੰਕਿਤ ਕੁਮਾਰ ਦੀ ਸ਼ਿਕਾਇਤ ਤੇ ਅਣਪਛਾਤੇ ਵਿਅਕਤੀ ਦੇ ਖਿਲਾਫ ਕੇਸ ਦਰਜ ਕਰ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਸਪੈਸ਼ਲ ਆਪ੍ਰੇਸ਼ਨ ਗਰੁੱਪ ਵੱਲੋਂ 220 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਟਰੱਕ ਕਾਬੂ: ਹਰਪਾਲ ਸਿੰਘ ਚੀਮਾ

ਚੰਡੀਗੜ੍ਹ, (ਲੋਕ ਬਾਣੀ)- ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਦੱਸਿਆ ਕਿ ਮੁਹਾਲੀ ਆਬਕਾਰੀ ਟੀਮ ਅਤੇ ਮੁਹਾਲੀ ਪੁਲੀਸ ਦੀ ਸ਼ਮੂਲੀਅਤ ਵਾਲੇ ਵਿਸ਼ੇਸ਼ ਅਪ੍ਰੇਸ਼ਨ ਗਰੁੱਪ ਨੇ ਹੰਡੇਸਰਾ ਨੇੜੇ ਇੱਕ ਟਰੱਕ ਨੂੰ ਰੋਕ ਕੇ ਸਿਰਫ਼ ਚੰਡੀਗੜ੍ਹ ਵਿੱਚ ਵਿਕਰੀ ਲਈ ਵਜੋਂ ਮਾਰਕ ਕੀਤੀਆਂ 220 ਸ਼ਰਾਬ ਦੀਆਂ ਪੇਟੀਆਂ ਜ਼ਬਤ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਅਪਰੇਸ਼ਨ ਚੰਡੀਗੜ੍ਹ (ਯੂ.ਟੀ.) ਤੋਂ ਪੰਜਾਬ ਵਿੱਚ ਸ਼ਰਾਬ ਦੀ ਤਸਕਰੀ ਦੇ ਅਪਰਾਧ ਨਾਲ ਨਜਿੱਠਣ ਲਈ ਪਿਛਲੇ ਕੁਝ ਦਿਨਾਂ ਤੋਂ ਸੂਬੇ ਭਰ ਵਿੱਚ ਚਲਾਈ ਗਈ ਵਿਸ਼ੇਸ਼ ਮੁਹਿੰਮ ਦਾ ਹਿੱਸਾ ਹੈ।



ਆਬਕਾਰੀ ਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਸ ਕਾਰਵਾਈ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਇਹ ਕਾਰਵਾਈ ਹਾਲ ਹੀ ਦੇ ਸਮੇਂ ਵਿੱਚ ਚੰਡੀਗੜ੍ਹ ਤੋਂ ਪੰਜਾਬ ਵਿੱਚ ਸ਼ਰਾਬ ਦੀ ਤਸਕਰੀ ਵਿਰੁੱਧ ਕੀਤੀਆਂ ਗਈਆਂ 6 ਵੱਡੀਆਂ ਵਿੱਚੋਂ ਇੱਕ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਮਿਤੀ 11.01.2025 ਨੂੰ ਪੰਜਾਬ ਆਬਕਾਰੀ ਐਕਟ, 1914 ਦੀ ਧਾਰਾ 61(1)(14) ਅਤੇ 78(2) ਤਹਿਤ ਐਫਆਈਆਰ ਨੰਬਰ 01 ਥਾਣਾ ਹੰਡੇਸਰਾ ਵਿਖੇ ਦਰਜ ਕੀਤੀ ਗਈ ਹੈ। ਇਸ ਤੋਂ ਇਲਾਵਾ ਚੰਡੀਗੜ੍ਹ ਤੋਂ ਸ਼ਰਾਬ ਦੀ ਤਸਕਰੀ ਦੇ ਹੋਰ ਮਾਮਲਿਆਂ ਦੇ ਸਬੰਧ ਵਿੱਚ ਮੁਹਾਲੀ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਵਿੱਚ ਛੇ ਹੋਰ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ, ਜਿਸ ਦੇ ਨਤੀਜੇ ਵਜੋਂ ਵੱਖ-ਵੱਖ ਸ਼ਰਾਬ ਦੇ ਬਰਾਂਡਾਂ ਦੀਆਂ 42 ਪੇਟੀਆਂ ਜ਼ਬਤ ਕੀਤੀਆਂ ਗਈਆਂ ਹਨ।

ਕਰ ਅਤੇ ਆਬਕਾਰੀ ਮੰਤਰੀ ਨੇ ਅੱਗੇ ਦੱਸਿਆ ਕਿ ਚਾਲੂ ਵਿੱਤੀ ਸਾਲ ਵਿੱਚ 31.12.2024 ਤੱਕ ਚੰਡੀਗੜ੍ਹ ਸ਼ਰਾਬ ਦੀ ਤਸਕਰੀ ਨਾਲ ਸਬੰਧਤ 114 ਐਫ.ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ, ਜਿਸ ਤਹਿਤ 30,096 ਸ਼ਰਾਬ ਦੀਆਂ ਬੋਤਲਾਂ ਬਰਾਮਦ ਹੋਈਆਂ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਬਕਾਰੀ ਵਿਭਾਗ ਅਤੇ ਪੰਜਾਬ ਪੁਲਿਸ ਦੋਵੇਂ ਹੀ ਸ਼ਰਾਬ ਦੀ ਤਸਕਰੀ ਪ੍ਰਤੀ ਜ਼ੀਰੋ ਟੌਲਰੈਂਸ ਦੀ ਨੀਤੀ ਅਪਣਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦੇ ਨਿਰੰਤਰ ਸਹਿਯੋਗ ਨਾਲ ਚੱਲ ਰਹੀ ਇਸ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਸ਼ਰਾਬ ਦੀ ਤਸਕਰੀ ਵਿੱਚ ਸ਼ਾਮਲ ਵਿਅਕਤੀ, ਭਾਂਵੇ ਉਹ ਕੋਈ ਵੀ ਹੋਵੇ, ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਵਿੱਤ ਮੰਤਰੀ ਹਰਪਾਲ ਸਿੰਘ ਨੇ ਕਿਹਾ ਕਿ ਪੰਜਾਬ ਆਬਕਾਰੀ ਐਕਟ, 1914 ਤਹਿਤ ਸ਼ਰਾਬ ਦੀ ਤਸਕਰੀ ਗੈਰ-ਕਾਨੂੰਨੀ, ਸਜ਼ਾਯੋਗ ਅਪਰਾਧ ਹੈ ਅਤੇ ਰਾਜ ਦੇ ਮਾਲੀਏ ਲਈ ਨੁਕਸਾਨਦੇਹ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਲੰਘਣਾ ਕਰਨ ਵਾਲਿਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਨਤੀਜੇ ਭੁਗਤਣੇ ਪੈਣਗੇ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੀ ਕਿਸੇ ਵੀ ਗਤੀਵਿਧੀ ਬਾਰੇ ਵਿਭਾਗ ਨੂੰ ਸੂਚਿਤ ਕਰਨ ਤਾਂ ਜੋ ਸੂਬੇ ਨੂੰ ਕੋਈ ਮਾਲੀ ਨੁਕਸਾਨ ਨਾ ਹੋਵੇ।

# ਅਕਾਲੀ ਦਲ ਦੀ ਸਿਆਸੀ ਕਾਨਫਰੰਸ ਸ਼ੁਰੂ, ਪ੍ਰਕਾਸ਼ ਸਿੰਘ ਬਾਦਲ ਦਾ ਫ਼ਖ਼ਰ-ਏ-ਕੌਮ ਐਵਾਰਡ ਵਾਪਸ ਕਰਨ ਦੀ ਅਪੀਲ




(ਲੋਕ ਬਾਣੀ)- ਸ੍ਰੀ ਮੁਕਤਸਰ ਸਾਹਿਬ ਵਿਖੇ ਮਲੋਟ ਰੋਡ ਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਭਾਰੀ ਕਾਨਫਰੰਸ ਕੀਤੀ ਜਾ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਦੇ ਕਈ ਸੀਨੀਅਰ ਆਗੂ ਤੇ ਸਾਬਕਾ ਕੈਬਨਟ ਮੰਤਰੀ ਕਾਨਫਰੰਸ ਚ ਪਹੁੰਚ ਚੁੱਕੇ ਹਨ। ਸਟੇਜ ਤੋਂ ਸੰਬੋਧਨ ਕਰਦਿਆਂ ਹੋਇਆਂ ਬੁਲਾਰਿਆ ਨੇ ਪੰਜ ਤਖ਼ਤਾਂ ਦੇ ਜਥੇਦਾਰ ਸਾਹਿਬਾਨ ਨੂੰ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੂੰ ਫ਼ਕਰ-ਏ-ਕੌਮ ਪੁਰਸਕਾਰ ਵਾਪਸ ਦੇਣ ਦੀ ਬੇਨਤੀ ਕੀਤੀ ਹੈ। ਭਾਵੇਂ ਸੁਖਬੀਰ ਬਾਦਲ ਦਾ ਅਸਤੀਫ਼ਾ ਮਨਜ਼ੂਰ ਹੋ ਚੁੱਕਿਆ ਹੈ ਪਰ ਬੁਲਾਰਿਆਂ ਵੱਲੋਂ ਅਜੇ ਵੀ ਉਨ੍ਹਾਂ ਨੂੰ ਸਟੇਜ ਤੋਂ ਪ੍ਰਧਾਨ ਕਹਿ ਕੇ ਸੰਬੋਧਨ ਕੀਤਾ ਜਾ ਰਿਹਾ ਹੈ। ਸੁਖਬੀਰ ਬਾਦਲ ਕਾਨਫਰੰਸ ਵਾਲੀ ਸਟੇਜ ਤੇ ਪਹੁੰਚ ਚੁੱਕੇ ਹਨ। ਉਨ੍ਹਾਂ ਤੋਂ ਇਲਾਵਾ ਡਾ. ਦਲਜੀਤ ਸਿੰਘ ਚੀਮਾ ਤੇ ਹੋਰ ਆਗੂ ਵੀ ਹਾਜ਼ਰ

# ਕੇਂਦਰੀ ਮੰਤਰੀ ਨਿਤਿਨ ਗਡਕਰੀ ਫਿਲਮ ਐਮਰਜੈਂਸੀ ਦੀ ਸਪੈਸ਼ਲ ਸਕ੍ਰੀਨਿੰਗ ਚ ਹੋਏ ਸ਼ਾਮਲ, ਸਾਰਿਆਂ ਨੂੰ ਫਿਲਮ ਦੇਖਣ ਦੀ ਕੀਤੀ ਅਪੀਲ

ਨਵੀਂ ਦਿੱਲੀ-(ਲੋਕ ਬਾਣੀ) ਬਾਲੀਵੁੱਡ ਅਦਾਕਾਰਾ ਤੇ ਸੰਸਦ ਮੈਂਬਰ ਕੰਗਨਾ ਰਣੌਤ ਇਨ੍ਹੀਂ ਦਿਨੀਂ ਆਪਣੀ ਫਿਲਮ ਐਮਰਜੈਂਸੀ ਨੂੰ ਲੈ ਕੇ ਸੁਰਖੀਆਂ ਚ ਹੈ। ਇਸ ਦੌਰਾਨ ਅਦਾਕਾਰਾ ਨੇ ਸ਼ਨੀਵਾਰ ਨੂੰ ਨਾਗਪੁਰ ਵਿੱਚ ਕੇਂਦਰੀ ਮੰਤਰੀ ਨਿਤਿਨ ਗਡਕਰੀ ਲਈ ਫਿਲਮ ਦੀ ਸਪੈਸ਼ਲ ਸਕ੍ਰੀਨਿੰਗ ਦਾ ਆਯੋਜਨ ਕੀਤਾ ਸੀ। ਇਸ ਦੌਰਾਨ ਅਨੁਪਮ ਖੇਰ ਵੀ ਮੌਜੂਦ ਸਨ। ਫਿਲਮ ਐਮਰਜੈਂਸੀ ਦੀ ਵਿਸ਼ੇਸ਼ ਸਕ੍ਰੀਨਿੰਗ ਤੋਂ ਬਾਅਦ, ਨਿਤਿਨ ਗਡਕਰੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ ਤੇ ਫੋਟੋਆਂ ਅਤੇ ਵੀਡੀਓਜ਼ ਸ਼ੇਅਰ ਕੀਤੀਆਂ। ਉਨ੍ਹਾਂ ਨੇ ਪੋਸਟ ਸ਼ੇਅਰ ਕਰਦੇ ਹੋਏ ਫਿਲਮ ਦਾ ਰਿਵਿਊ ਦਿੱਤਾ ਹੈ ਅਤੇ ਲੋਕਾਂ ਨੂੰ ਫਿਲਮ ਦੇਖਣ ਦੀ ਅਪੀਲ ਕੀਤੀ ਹੈ।

ਪੋਸਟ ਸ਼ੇਅਰ ਕਰਦੇ ਹੋਏ ਕੇਂਦਰੀ ਮੰਤਰੀ ਨੇ ਲਿਖਿਆ- ਅੱਜ ਕੰਗਨਾ ਅਤੇ ਅਨੁਪਮ ਖੇਰ ਨਾਲ ਨਾਗਪੁਰ ਚ ਫਿਲਮ ਐਮਰਜੈਂਸੀ ਦੀ ਸਪੈਸ਼ਲ ਸਕ੍ਰੀਨਿੰਗ ਚ ਸ਼ਾਮਲ ਹੋਏ। ਸਾਡੇ ਦੇਸ਼ ਦੇ ਇਤਿਹਾਸ ਨੂੰ ਇੰਨੀ ਚੰਗੀ ਤਰ੍ਹਾਂ ਪੇਸ਼ ਕਰਨ ਲਈ ਮੈਂ ਫਿਲਮ ਨਿਰਮਾਤਾਵਾਂ ਅਤੇ ਅਦਾਕਾਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਮੈਂ ਸਾਰਿਆਂ



ਨੂੰ ਇਸ ਫਿਲਮ ਨੂੰ ਦੇਖਣ ਦੀ ਅਪੀਲ ਕਰਦਾ ਹਾਂ, ਫਿਲਮ ਐਮਰਜੈਂਸੀ ਭਾਰਤ ਦੇ ਇਤਿਹਾਸ ਦੇ ਅਧਿਆਏ ਬਾਰੇ ਦੱਸਦੀ ਹੈ।

# ਸੀਨੀਅਰ ਕਪਤਾਨ ਪੁਲਿਸ ਨੇ ਸਹਾਇਕ ਥਾਣੇਦਾਰ ਸਾਹਿਬ ਦੀਨ ਨੂੰ ਸਬ-ਇੰਸਪੈਕਟਰ ਦਾ ਕੀਤਾ ਰੈਂਕ ਪ੍ਰਦਾਨ

ਮਾਲੇਰਕੋਟਲਾ 14 ਜਨਵਰੀ :(ਕਿੱਮੀ,ਅਰੋੜਾ,ਅਸਲਮ ਨਾਜ਼)ਮਿਹਨਤ,ਲਗਨ,ਇਮਾਨਦਾਰੀ ਅਤੇ ਸੁਚਾਰੂ ਕਾਰਜਕੁਸ਼ਲਤਾ ਸਦਕਾ ਸਹਾਇਕ ਥਾਣੇਦਾਰ ਸਾਹਿਬ ਦੀਨ ਨੂੰ ਸੀਨੀਅਰ ਕਪਤਾਨ ਪੁਲਿਸ,ਮਾਲੇਰਕੋਟਲਾ ਗਗਨ ਅਜੀਤ ਸਿੰਘ ਦੀ ਸਿਫਾਰਸ਼ ਦੇ ਆਧਾਰ ਤੇ ਡਾਇਰੈਕਟਰ ਜਨਰਲ ਪੁਲਿਸ,ਪੰਜਾਬ ਗੌਰਵ ਯਾਦਵ ਵਲੋਂ ਸਬ-ਇੰਸਪੈਕਟਰ ਦਾ ਰੈਂਕ ਪ੍ਰਦਾਨ ਕੀਤਾ ਗਿਆ ਸਮੇਂ ਸਿਰ ਤਰੱਕੀਆਂ ਨੂੰ ਹਰੇਕ ਪੁਲਿਸ ਅਧਿਕਾਰੀ ਦਾ ਹੱਕ ਦੱਸਦਿਆਂ ਸੀਨੀਅਰ ਕਪਤਾਨ ਪੁਲਿਸ, ਮਾਲੇਰਕੋਟਲਾ ਗਗਨ ਅਜੀਤ ਸਿੰਘ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮੁੱਖ ਕਲਰਕ ਵਜੋਂ ਸੇਵਾ ਨਿਭਾ ਰਹੇ ਸਹਾਇਕ ਥਾਣੇਦਾਰ ਸਾਹਿਬ ਦੀਨ(ਹੁਣ ਸਬ-ਇੰਸਪੈਕਟਰ)ਤੋਂ ਪਰੇਨਾ ਲੈਣੀ ਚਾਹੀਦੀ ਹੈ ਅਤੇ ਆਪਣੀ



ਡਿਊਟੀ ਸ਼ਪਰਪਣ ਦੀ ਭਾਵਨਾ ਨਾਲ ਨਿਭਾਉਣ ਨੂੰ ਤਰਜੀਹ ਦੇਣੀ ਚਾਹੀਦੀ ਹੈ।

ਉਨ੍ਹਾਂ ਪਦਉੱਨਤ ਕਰਮਚਾਰੀ ਨੂੰ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਮੇਰੇ ਸਾਥੀ ਕਰਮਚਾਰੀਆਂ ਨੂੰ ਸਮੇਂ ਸਿਰ ਤਰੱਕੀ ਦੇਣਾ ਮੇਰੀ ਪ੍ਰਮੁੱਖ ਤਰਜੀਹ ਹੈ, ਜਿਸ ਨਾਲ ਨਾ ਸਿਰਫ ਫੋਰਸ ਦਾ ਮਨੋਬਲ ਵਧੇਗਾ ਬਲਕਿ ਪੰਜਾਬ ਪੁਲਿਸ ਦੇ ਵੱਖ-ਵੱਖ ਵਿੰਗਾਂ ਵਿੱਚ ਸੁਪਰਵਾਈਜ਼ਰੀ ਪੱਧਰ 'ਤੇ ਸਟਾਫ ਦੀ ਕਮੀ ਵੀ ਦੂਰ ਹੋਵੇਗੀ।

ਸੀਨੀਅਰ ਕਪਤਾਨ ਪੁਲਿਸ, ਮਾਲੇਰਕੋਟਲਾ ਵੱਲੋਂ ਜਿਲ੍ਹਾ ਪੁਲਿਸ ਦਫਤਰ ਵਿਖੇ ਇਸ ਕਰਮਚਾਰੀ ਦੇ ਸਟਾਰ ਲਗਾਕੇ ਬਤੌਰ ਸਬ-ਇੰਸਪੈਕਟਰ ਤਰੱਕੀਯਾਬ ਕੀਤਾ ਗਿਆ। ਇਸ ਮੌਕੇ ਕਪਤਾਨ ਪੁਲਿਸ (ਸਥਾਨਕ) ਸਵਰਨਜੀਤ ਕੌਰ, ਮਾਲੇਰਕੋਟਲਾ, ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਵੈਭਵ ਸਹਿਗਲ, ਉਪ ਕਪਤਾਨ ਪੁਲਿਸ (ਸਥਾਨਕ) ਮਾਨਵਜੀਤ ਸਿੰਘ ਸਿੱਧੂ, ਉਪ ਕਪਤਾਨ ਪੁਲਿਸ (ਸਪੈਸ਼ਲ) ਰਣਜੀਤ ਸਿੰਘ ਵੀ ਮੌਜੂਦ ਸਨ।

# ਸੇਵਾ ਕੇਂਦਰ 'ਚ ਅਸਲਾ-ਮੁਕਤ ਖੇਤਰ, ਈ-ਸ਼੍ਰਮ,ਅਸਟਾਮ ਲਾਇਸੈਸ,ਨਾਮ ਦੀਆਂ ਨਵੀਆਂ

ਮਾਲੇਰਕੋਟਲਾ 14 ਜਨਵਰੀ :(ਕਿੱਮੀ ਅਰੋੜਾ,ਅਸਲਮ ਨਾਜ਼)ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਾਗਰਿਕਾਂ ਦੀ ਸਹੂਲਤ ਲਈ ਜ਼ਿਲ੍ਹੇ ਵਿੱਚ 09 ਸੇਵਾ ਕੇਂਦਰ ਕਾਰਜਸ਼ੀਲ ਹਨ, ਜਿਨ੍ਹਾਂ ਤੋਂ ਜ਼ਿਲ੍ਹੇ ਦੇ ਆਮ ਲੋਕ ਵੱਖ ਵੱਖ ਸੇਵਾਵਾਂ ਦਾ ਲਾਭ ਇੱਕੋ ਛੱਤ ਥੱਲੇ ਉਠਾ ਰਹੇ ਹਨ । ਉਨ੍ਹਾਂ ਹੋਰ ਦੱਸਿਆਂ ਕਿ ਪੰਜਾਬ ਸਰਕਾਰ ਵਲੋਂ ਨਾਗਰਿਕਾਂ ਦੀ ਸੁਵਿਧਾਵਾਂ ਵਿੱਚ ਇਜਾਫਾ ਕਰਦਿਆ ਸੇਵਾ ਕੇਂਦਰਾਂ ਰਾਹੀਂ ਅਸਲਾ-ਮੁਕਤ ਖੇਤਰ, ਈ-ਸ਼੍ਰਮ,ਅਸਟਾਮ ਲਾਇਸੈਂਸ ਨਾਮ ਦੀਆਂ ਨਵੀਆਂ ਸੇਵਾਵਾਂ ਦੀ ਸ਼ੁਰੂਆਤ ਕੀਤੀ ਹੈ। ਹੁਣ ਇਨ੍ਹਾਂ ਸੇਵਾਵਾਂ ਦੇ ਸੁ੍ਰਰੂ ਹੋਣ ਨਾਲ ਜ਼ਿਲ੍ਹੇ ਦੇ ਲੋਕ ਕਰੀਬ 440 ਸੇਵਾਵਾਂ ਦਾ ਲਾਭ ਲੈ ਸਕਣਗੇ।

ਇਨ੍ਹਾਂ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ



ਪੱਲਵੀ ਨੇ ਦੱਸਿਆ ਕਿ ਅਸਲਾ-ਮੁਕਤ ਖੇਤਰ ਨਾਂ ਦੀ ਇਸ ਸੇਵਾ ਰਾਹੀਂ ਨਿਰਧਾਰਤ ਖੇਤਰਾਂ (ਪੂਜਾ ਸਥਾਨ, ਮੈਰਿਜ ਪੈਲੇਸ, ਹੋਟਲ, ਗੈਸਟ ਹਾਊਸ, ਪਬਲਿਕ ਪਾਰਕ, ਸਰਕਾਰੀ ਦਫ਼ਤਰ, ਸ਼ਾਪਿੰਗ ਮਾਲ, ਸਿਨੇਮਾ ਹਾਲ ਅਤੇ ਹੋਰ) ਸਥਾਨਾਂ ਨੂੰ ਅਸਲਾ-ਮੁਕਤ ਖੇਤਰ ਘੋਸ਼ਿਤ ਕਰਵਾਉਣ ਲਈ ਸੇਵਾ ਕੇਂਦਰਾਂ ਰਾਹੀਂ ਸੇਵਾਵਾਂ ਲਈਆਂ ਜਾ ਸਕਦੀਆਂ ਹਨ ।

ਸੇਵਾ ਈ-ਸ਼੍ਰਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੇਵਾ ਕੇਂਦਰ ਵਿੱਚ ਹੁਣ ਈ-ਸ਼੍ਰਮ ਸੇਵਾ ਚੱਲ ਰਹੀ ਹੈ, ਜਿਸ ਵਿੱਚ ਵਿਅਕਤੀ ਆਪਣਾ ਲੇਬਰ ਰਿਕਾਰਡ ਦਰਜ ਕਰਵਾ ਸਕਦਾ ਹੈ। ਇਸ ਸਰਵਿਸ ਨੂੰ ਕੋਈ ਵੀ ਵਿਅਕਤੀ ਅਪਲਾਈ ਕਰਵਾ ਸਕਦਾ ਹੈ, ਪਰ ਇਸ ਸਰਵਿਸ ਲਈ ਬਿਨੈਕਾਰ ਦਾ ਕਿਸੇ ਵੀ ਤਰ੍ਹਾਂ ਦਾ ਫੰਡ ਸਰਕਾਰੀ ਜਾਂ ਗੈਰ ਸਰਕਾਰੀ ਫੰਡ ਨਾਂ ਕਟਦਾ ਹੋਵੇ।

ਡਿਪਟੀ ਕਮਿਸ਼ਨਰ ਨੇ ਸੇਵਾਵਾਂ ਬਾਰੇ ਹੋਰ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਨਵਾਂ ਅਸਟਾਮ ਲਾਇਸੈਸ ਜਾਂ ਲਾਇਸੈਸ ਨਵਿਆਉਂਣ ਲਈ ਸੇਵਾ ਕੇਂਦਰ ਤੇ ਪੁਹੰਚ ਬਣਾਈ ਜਾ ਸਕਦੀ ਹੈ।

# ਬੀਤੇ ਦਿਨ ਦਿਨ ਰਾਤ ਪਈ ਬਾਰਿਸ ਦੇ ਕਾਰਨ ਗਰੀਬ ਪਰਿਵਾਰ ਦੇ ਮਕਾਨ ਦੀ ਡਿੱਗੀ ਛੱਤ

ਗਿੱਦੜਬਾਹਾ/ਨਰਿੰਦਰ ਵਧਵਾ/ ਗਿੱਦੜਬਾਹਾ ਦੇ ਮੁਹੱਲਾ ਬੈਂਟਾਬਾਦ ਦੇ ਵਾਰਡ ਨੰਬਰ 15 ਗਲੀ ਮਹੰਤ ਜਗੀਰੋ ਵਾਲੀ ਦੇ ਗ਼ਰੀਬ ਪਰਿਵਾਰ ਦੀ ਵਿਧਵਾ ਔਰਤ ਮਨਜੀਤ ਕੌਰ ਪਤਨੀ ਗੱਜਣ ਸਿੰਘ ਨੇ ਦੱਸਿਆ ਕਿ ਦਿਨ ਰਾਤ ਲਗਾ ਤਾਰ ਪਈ ਬਾਰਿਸ ਦੇ ਕਾਰਨ ਸਾਡੇ ਕਮਰੇ ਦੀ ਛੱਤ ਜੋਂ ਕੀ ਕਾਫੀ ਨਾਜ਼ੁਕ ਸੀ ਅਤੇ ਇਸ ਸਬੰਧੀ ਅਸੀ ਜੋਂ ਪ੍ਰਧਾਨ ਮੰਤਰੀ ਯੋਜਨਾ ਵਾਲੀ ਸਕੀਮ ਦੀ ਫਾਈਲ ਵੀ ਕਈ ਵਾਰੀ ਭਰ ਕੇ ਦਿੱਤੀ ਸਾਡੀ ਸਹਾਇਤਾ ਦੇ ਲਈ ਜੋ ਪ੍ਰਧਾਨ ਮੰਤਰੀ ਯੋਜਨਾ ਦੇ ਤਹਿਤ ਮਕਾਨਾਂ ਦੇ ਪੈਸੇ ਆਉਂਦੇ ਹਨ ਉਸ ਸਬੰਧੀ ਅਸੀ ਨਗਰ ਕੌਂਸਲ ਗਿੱਦੜਬਾਹਾ ਦਫਤਰ ਵਿਖੇ ਜਮਾਂ ਕਰਵਾਉਣ ਤੋਂ ਬਾਅਦ ਵੀ ਅੱਜ ਤੱਕ ਸਾਡੀ ਕੋਈ ਸੁਨਾਈ ਨਹੀਂ ਕੀਤੀ ਗਈ ਪਰ ਹੁਣ ਜਦੋਂ ਥੋੜੀ ਜਿਹੀ ਬਾਰਿਸ਼ ਦੇ ਕਾਰਨ ਸਾਡੇ ਕਮਰੇ ਦੀ ਛੱਤ ਡਿੱਗ ਗਈ ਉਸ ਤੋਂ ਇਲਾਵਾ ਹੁਣ ਜੋ ਨਾਲ ਵਾਲਾ ਕਮਰਾ ਹੈ ਉਸ ਦੀ ਛੱਤ ਵੀ ਨਾਜ਼ੁਕ ਹੈ ਉਹ ਵੀ ਕਿਸੇ ਸਮੇਂ ਡਿੱਗ ਸਕਦੀ ਹੈ ਉਹਨਾਂ ਕਿਹਾ ਕਿ ਇਸ ਛੱਤ ਤੇ ਡਿੱਗਣ ਨਾਲ ਕਮਰੇ ਦੇ ਵਿੱਚ ਪਿਆ ਸਮਾਨ ਬੈਡ ਅਤੇ ਕੁਝ ਹੋਰ ਸਮਾਨ ਜੋ ਟੁੱਟ ਗਿਆ ਤੇ ਭਾਰੀ ਨੁਕਸਾਨ ਹੋ ਗਿਆ ਉਨ੍ਹਾਂ ਕਿਹਾ ਕਿ ਅਸੀਂ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਸਾਡੀ ਸਹਾਇਤਾ ਕੀਤੀ ਜਾਵੇ ਕਿਉਂਕਿ ਮੈਂ ਇੱਕ ਵਿਧਵਾ ਔਰਤ ਹਾਂ ਮੈਂ ਤਾਂ ਦਿਹਾੜੀ ਕਰਕੇ ਤਾਜਾ ਕਰਕੇ ਤਾਜ਼ਾ ਹੀ ਖਾਨੀ ਹਾਂ ਇਸ ਕਰਕੇ ਮੇਰੀ ਇਨੀ ਪੁਜੀਸ਼ਨ ਨਹੀਂ ਹੈ ਕਿ ਮੈਂ ਆਪਣੇ ਕਮਰੇ ਦੀ ਛੱਤ ਪਾ ਸਕਾਂ ਇਸ ਲਈ



ਮੈਂ ਅਪੀਲ ਕਰਦੀ ਹਾਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਕਿ ਮੇਰੀ ਸਹਾਇਤਾ ਕੀਤੀ ਜਾਵੇ ਤਾਂ ਕਿ ਮੈਂ ਆਪਣੇ ਕਮਰੇ ਦੀ ਛੱਤ ਪਾ ਸਕਾਂ

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਇੰਮੀਗਰੇਸ਼ਨ ਕੰਸਲਟੈਂਸੀ ਏਜੰਸੀ ਨੂੰ ਲਾਇਸੰਸ ਜਾਰੀ

ਮਾਲੇਰਕੋਟਲਾ 14 ਜਨਵਰੀ :(ਕਿੱਮੀ ਅਰੋੜਾ,ਅਸਲਮ ਨਾਜ਼) ਜ਼ਿਲ੍ਹਾ ਮੈਜਿਸਟਰੇਟ ਮਾਲੇਰਕੋਟਲਾ ਡਾ. ਪੱਲਵੀ ਵੱਲੋਂ ਕੰਵਲਪ੍ਰੀਤ ਕੌਰ ਢੀਂਡਸਾ ਪਤਨੀ ਚਮਕੌਰ ਸਿੰਘ ਢੀਂਡਸਾ ਵਾਸੀ ਜਾਗੋਵਾਲ ਤਹਿਸੀਲ ਅਤੇ ਜ਼ਿਲ੍ਹਾ ਮਾਲੇਰਕੋਟਲਾ ਨੂੰ ਪ੍ਰੋਫੈਸ਼ਨ ਆਫ਼ ਕੰਸਲਟੈਂਸੀ, ਐਮ.ਐਸ ਵਲਡ ਕਿੰਗ




ਵੀਜਾ ਕੰਸਲਟੈਂਟ ਪ੍ਰਾਈਵੇਟ ਲਿਮੀਟਡ ਖੋਖਰ ਮਾਰਕਿਟ ਨੇੜੇ ਟਰੱਕ ਯੂਨੀਅਨ ਮਾਲੇਰਕੋਟਲਾ ਲਈ ਕੰਸਲਟੈਂਸੀ ਲਾਇਸੰਸ ਜਾਰੀ ਕੀਤਾ ਗਿਆ ਹੈ। ਇਹ ਲਾਇਸੰਸ 11 ਦਸੰਬਰ 2029 ਤੱਕ ਵੈਧ ਹੋਵੇਗਾ।

ਇਹ ਲਾਇਸੰਸ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਰੂਲਜ਼ 2013 ਅਤੇ ਸੋਧ ਕੀਤੇ ਗਏ 2014 ਦੇ ਰੂਲਜ਼ ਆਫ ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ 2014 ਤੇ ਤਹਿਤ ਜਾਰੀ ਕੀਤਾ ਗਿਆ ਹੈ।

ਲਾਇਸੰਸ ਧਾਰਕ ਨੂੰ ਲਿਖਿਆ ਜਾਂਦਾ ਹੈ ਕਿ ਉਹ ਹਰ ਗ੍ਰਾਹਕ ਦਾ ਰਿਕਾਰਡ ਪੰਜ ਸਾਲ ਤੱਕ ਸੰਭਾਲ ਕੇ ਰੱਖੇਗਾ ਅਤੇ ਉਨ੍ਹਾਂ ਤੋਂ ਲਈ ਜਾਣ ਵਾਲੀ ਜਾਣਕਾਰੀ ਤੇ ਫੀਸ ਹਰ ਮਹੀਨੇ ਅਤੇ ਛੇ ਮਹੀਨੇ ਬਾਅਦ ਸੈਕਟਰੀ ਹੋਮ ਅਫੇਅਰਜ਼ ਐਂਡ ਜਸਟਿਸ ਨੂੰ ਭੇਜਣੀ ਯਕੀਨੀ ਬਣਾਏਗਾ। ਲਾਇਸੰਸ ਧਾਰਕ ਰਾਹੀਂ ਨਿਰਧਾਰਿਤ ਸ਼ਰਤਾਂ ਦੀ ਇੰਨ ਬਿਨ ਪਾਲਣਾ ਨਾ ਕਰਨ ਦੀ ਸੂਰਤ ਵਿੱਚ ਸਬੰਧਤ ਏਜੰਸੀ ਦਾ ਲਾਇਸੰਸ ਰੱਦ ਕਰ ਦਿੱਤਾ ਜਾਵੇਗਾ ।

# ਸਟੇਟ ਅਵਾਰਡੀ ਨਿਰਮਲ ਸਿੰਘ ਮੌਜੀਆ ਨੂੰ ਸਦਮਾ ਭਾਣਜੇ ਦਾ ਦਿਹਾਂਤ

## ਭੋਗ ਪਿੰਡ ਸ਼ੇਖੂਪੁਰ ਖੁਡਾਲ ਗੁਰਦੁਆਰਾ ਸਾਹਿਬ ਵੀਰਵਾਰ ਨੂੰ

ਮਾਨਸਾ 14 ਜਨਵਰੀ (ਮਨੋਜ) - ਮਾਨਸਾ ਦੇ ਉੱਘੇ ਸਮਾਜ ਸੇਵੀ ਸਟੇਟ ਅਵਾਰਡੀ ਨਿਰਮਲ ਸਿੰਘ ਮੌਜੀਆ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ ਜਦੋਂ ਉਹਨਾਂ ਦੇ ਨੌਜਵਾਨ ਭਾਣਜੇ ਹਰਪ੍ਰੀਤ ਸਿੰਘ ਅਚਾਨਕ ਦਿਹਾਂਤ ਹੋ ਗਿਆ , ਛੋਟੀ ਉਮਰ ਵਿੱਚ ਬੇਵਕਤੀ ਮੌਤ ਦੀ ਖ਼ਬਰ ਸੁਣ ਕੇ ਬਹੁਤ ਗਹਿਰਾ ਸਦਮਾ ਲੱਗਿਆ ਕਿਉ ਕੇ ਲਾਡੀ ਸਾਡਾ ਭਾਣਜਾ ਮੌਜੀਆ ਵਿਖੇ ਨਾਨਕੇ ਪਿੰਡ ਰਹਿ ਕੇ ਪੜ੍ਹਾਈ ਕਰਦਾ ਸੀ ਅਤੇ ਯੂਥ




ਕਲੱਬਾਂ ਦੇ ਵਿੱਚ ਛੋਟੀ ਉਮਰ ਦੇ ਵਿੱਚ ਹੀ ਹਿੱਸਾ ਲੈਣ ਲੱਗ ਪਿਆ ਸੀ। ਲਾਡੀ ਨੇ ਸਾਡੇ ਨਾਲ ਬਹੁਤ ਸਾਰੇ ਐਨ ਆਈ ਸੀ ਕੈਂਪ ਵੀ ਲਾਏ ਅਤੇ ਬਹੁਤ ਸਾਰੇ ਕਲੱਬ ਦੇ ਕੰਮ ਕਰਵਾਏ। ਇਸ ਦੁੱਖ ਦੀ ਘੜੀ ਵਿੱਚ ਪਰਮਾਤਮਾ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ ਅਤੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਇਸ ਮੌਕੇ ਰਘਵੀਰ ਸਿੰਘ ਮਾਨ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ,ਸਾਬਕਾ ਐਮ ਐਲ ਏ ਨਾਜ਼ਰ ਸਿੰਘ ਮਾਨਸ਼ਾਹੀਆ, ਸਟੇਟ ਅਵਾਰਡੀ ਮਨੋਜ ਕੁਮਾਰ, ਸਟੇਟ ਅਵਾਰਡੀ ਅਮਨਦੀਪ ਸਿੰਘ ਹੀਰਕੇ , ਸਟੇਟ ਅਵਾਰਡੀ ਜੱਗਾ ਅਲੀਸ਼ੇਰ, ਸਟੇਟ ਅਵਾਰਡੀ ਰਜਿੰਦਰ ਵਰਮਾਂ ,ਦੀਦਾਰ ਮਾਨ ਕੁਲਵਿੰਦਰ ਮੌੜ ਕੁਲਦੀਪ ਕੀਪਾ ਬਲਜੀਤ ਝੁਨੀਰ ਸਰਪੰਚ ਜੁਗਰਾਜ ਸਿੰਘ ਮਾਖਾ ਪ੍ਰਮਜੀਤ ਪੰਮਾ ਮੱਖਣ ਮਾਖਾ ਸੁਰਜੀਤ ਸਿੰਘ ਡਰੈਕਟਰ ਮਾਖਾ ਜਸਪਾਲ ਸਿੰਘ ਸਰਪੰਚ ਮੋਜੀਆ ਅੰਗਰੇਜ਼ ਨੰਬਰਦਾਰ ਹਿਮਤ ਦੂਲੋਵਾਲ ਗੁਰਪ੍ਰੀਤ ਸਿੰਘ ਸਰਾਂ ਬਲੱਡ ਬੈਂਕ ਮਾਨਸਾ ਮਨਜੀਤ ਭੱਟੀ ਗੁਰਸੇਵਕ ਟਾਡੀਆ ਆਦਿ ਵੱਖ ਵੱਖ ਸੰਸਥਾਵਾਂ ਦੇ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ।

# 20 ਲੱਖ ਰੁਪਏ ਤੋਂ ਵੱਧ ਆਮਦਨ ਵਾਲੇ ਕਾਰੋਬਾਰੀਆਂ ਨੂੰ ਤੁਰੰਤ ਜੀ.ਐੱਸ.ਟੀ. ਨੰਬਰ: ਮੁਕਤੀ ਗੁਪਤਾ ਐਸ.ਟੀ.ਓ



ਫਗਵਾੜਾ 14 ਜਨਵਰੀ (ਸੁਸ਼ੀਲ ਸ਼ਰਮਾ ) ਵਿਭਾਗੀ ਅਧਿਕਾਰੀਆਂ ਨੇ ਚੀਜ਼ਾਂ ਅਤੇ ਸੇਵਾਵਾਂ ਟੈਕਸ (ਜੀਐਸਟੀ) ਵਿਭਾਗ ਫੌਗਵਾੜਾ ਦਫ਼ਤਰ ਵਿਖੇ ਫੱਗਵਾੜਾ ਅਕਾਊਂਟ ਟੂਲ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ. ਇਸ ਮੀਟਿੰਗ ਵਿੱਚ ਵਿਭਾਗ ਦੀ ਤਰਫੋਂ ਮੁੱਖ ਤੌਰ ਤੇ ਸੇਲ ਟੈਕਸ ਅਫਸਰ (ਐਸ.ਟੀ.ਓ.) ਮੁਕਤੀ ਗੁਪਤਾ, ਸ਼ਿਵਾਨੀ ਗਿੱਲ ਈ.ਟੀ. ਆਈ. ਹਾਜ਼ਰ ਸਨ। ਅਤੇ ਆਜ਼ਾਦਵਿੰਦਰ ਸਿੰਘ ਈ.ਟੀ.ਆਈ. ਹਾਜ਼ਰ ਸਨ ਜਦਕਿ ਐਸੋਸੀਏਸ਼ਨ ਦੀ ਤਰਫੋਂ ਪ੍ਰਧਾਨ ਪ੍ਰੇਮ ਲਾਲ, ਚਾਰਟਰ ਪ੍ਰਧਾਨ ਹਰੀਓਮ ਗੁਪਤਾ ਅਤੇ ਹੋਰ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ । ਇਸ ਦੌਰਾਨ ਸੰਬੋਧਨ ਕਰਦਿਆਂ ਐੱਸ.ਟੀ.ਓ. ਮੁਕਤੀ ਗੁਪਤਾ ਨੇ ਦੱਸਿਆ ਕਿ ਵਿਭਾਗ ਵੱਲੋਂ ਅਣ-ਰਜਿਸਟਰਡ ਵਪਾਰੀਆਂ ਦਾ ਸਰਵੇ ਸ਼ੁਰੂ ਕੀਤਾ ਜਾ ਰਿਹਾ ਹੈ। ਇਹ ਸਰਵੇਖਣ 10 ਫਰਵਰੀ ਤੱਕ ਜਾਰੀ ਰਹੇਗਾ। ਇਸ ਦੌਰਾਨ ਵਿਭਾਗ ਦੇ ਅਧਿਕਾਰੀ ਬੁਟੀਕ, ਟੇਲਰ, ਆਰਕੀਟੈਕਟ, ਸੈਲੂਨ, ਰੈਸਟੋਰੈਂਟ, ਮੋਟਰ ਗੈਰਾਜ ਅਤੇ ਹੋਰ ਸੇਵਾਵਾਂ ਪ੍ਰਦਾਨ ਕਰਨ ਵਾਲੇ ਗੈਰ-ਰਜਿਸਟਰਡ ਕਾਰੋਬਾਰੀਆਂ ਤੇ ਸ਼ਿਕੰਜਾ ਕੱਸਣਗੇ। ਇਹ ਵਿਸ਼ੇਸ਼ ਮੁਹਿੰਮ ਪੰਜਾਬ ਦੇ ਵਿੱਤ ਕਮਿਸ਼ਨਰ ਕਰ ਕ੍ਰਿਸ਼ਨ ਕੁਮਾਰ, ਟੈਕਸ ਕਮਿਸ਼ਨਰ ਵਰੁਣ ਰੂਜਮ ਅਤੇ ਡਿਪਟੀ ਕਮਿਸ਼ਨਰ ਆਫ਼ ਸਟੇਟ ਟੈਕਸ (ਡੀ.ਸੀ.ਐਸ.ਟੀ.) ਦਰਵੀਰ ਰਾਜ ਕੌਰ ਦੀ ਅਗਵਾਈ ਹੇਠ ਚਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਦੀ ਸਲਾਨਾ ਆਮਦਨ 20 ਲੱਖ ਰੁਪਏ ਹੈ ਅਤੇ ਜੋ ਮਾਲ ਵੇਚਣ ਵਾਲੇ 40 ਲੱਖ ਰੁਪਏ ਤੋਂ ਵੱਧ ਹਨ, ਉਨ੍ਹਾਂ ਤੋਂ ਵਿਭਾਗ ਵੱਲੋਂ ਜੀ.ਐਸ.ਟੀ. ਨੰਬਰ ਲੈਣਾ ਲਾਜ਼ਮੀ ਹੈ। ਜਿਨ੍ਹਾਂ ਲੋਕਾਂ ਨੇ ਜੀ.ਐੱਸ.ਟੀ ਕੋਈ ਨੰਬਰ ਨਹੀਂ ਹੋਵੇਗਾ ਅਤੇ ਜੇਕਰ ਉਨ੍ਹਾਂ ਦਾ ਟਰਨਓਵਰ ਨਿਯਮਾਂ ਤੋਂ ਵੱਧ ਹੈ ਤਾਂ ਉਨ੍ਹਾਂ ਦਾ ਸਰਵੇ ਦੇ ਨਾਲ-ਨਾਲ ਨਿਰੀਖਣ ਵੀ ਕੀਤਾ ਜਾਵੇਗਾ। ਜੇਕਰ ਕੋਈ ਟੈਕਸ ਚੋਰੀ ਹੋਈ ਹੈ ਤਾਂ ਇਸ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਅਤੇ ਬਕਾਇਆ ਟੈਕਸ ਅਤੇ ਭਾਰੀ ਜੁਰਮਾਨਾ ਵੀ ਵਸੂਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਉਕਤ ਕਾਰੋਬਾਰ ਨਾਲ ਜੁੜੇ ਲੋਕਾਂ ਨੂੰ ਮੀਟਿੰਗਾਂ ਕਰਕੇ ਨਿਯਮਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਅਧਿਕਾਰੀਆਂ ਨੇ ਦੱਸਿਆ ਕਿ 10 ਫਰਵਰੀ ਤੱਕ ਹਰ ਥਾਂ ਸਰਵੇਖਣ ਕੀਤਾ ਜਾਵੇਗਾ। ਜੇਕਰ ਸਰਵੇਖਣ ਵਿੱਚ ਵੱਡੀਆਂ ਬੇਨਿਯਮੀਆਂ ਪਾਈਆਂ ਗਈਆਂ ਤਾਂ ਵੀ ਡੂੰਘਾਈ ਨਾਲ ਜਾਂਚ ਕਰਵਾਈ ਜਾਵੇਗੀ। ਐਸ.ਟੀ.ਓ ਮੁਕਤੀ ਗੁਪਤਾ ਅਨੁਸਾਰ ਜਿਨ੍ਹਾਂ ਦੀ ਆਮਦਨ 20 ਲੱਖ ਰੁਪਏ ਜਾਂ 40 ਲੱਖ ਰੁਪਏ ਤੋਂ ਵੱਧ ਹੈ, ਉਨ੍ਹਾਂ ਨੂੰ ਜੀ.ਆਈ. ਐੱਸ. ਟੀ. ਨੰਬਰ ਤੁਰੰਤ ਲਿਆ ਜਾਵੇ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਅਕਤੂਬਰ ਮਹੀਨੇ ਚ ਜੀ. ਐੱਸ. ਟੀ. ਵਿਭਾਗ ਵੱਲੋਂ ਰਜਿਸਟਰਡ ਵਪਾਰੀਆਂ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ ਸੀ ਜਿਸ ਵਿੱਚ ਮਾਲ ਵੇਚਣ ਵਾਲਿਆਂ ਨੂੰ ਬਿੱਲ ਜਾਰੀ ਕਰਨ ਅਤੇ ਖਰੀਦਦਾਰਾਂ ਨੂੰ ਬਿੱਲ ਵਸੂਲਣ ਲਈ ਜਾਗਰੂਕ ਕੀਤਾ ਗਿਆ ਤਾਂ ਜੋ ਟੈਕਸ ਚੋਰੀ ਨੂੰ ਰੋਕਿਆ ਜਾ ਸਕੇ ਅਤੇ ਸਰਕਾਰ ਦੇ ਮਾਲੀਏ ਵਿੱਚ ਵਾਧਾ ਕੀਤਾ ਜਾ ਸਕੇ। ਹੁਣ ਦੂਜੇ ਪੜਾਅ ਵਿੱਚ ਗੈਰ-ਰਜਿਸਟਰਡ ਕੰਪਨੀਆਂ ਅਤੇ ਕਾਰੋਬਾਰੀਆਂ ਦੀ ਜਾਂਚ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਇਸ ਮੌਕੇ ਫਗਵਾੜਾ ਅਕਾਊਂਟ ਐਸੋਸੀਏਸ਼ਨ ਦੀ ਤਰਫੋਂ ਹਰਜੀਤ ਜੋਸ਼ੀ, ਰਾਕੇਸ਼ ਕੁਮਾਰ, ਰਾਮ ਨਾਥ, ਅਨਿਲ ਕੁਮਾਰ, ਹਿੰਮਤ ਸਿੰਘ, ਅਸ਼ੋਕ ਸਿਆਲ, ਅਨਿਲ ਬਹਿਲ, ਬਲਰਾਜ ਗੁਪਤਾ, ਪ੍ਰਦੀਪ ਗੁਪਤਾ, ਸ਼ਿਵ ਕੁਮਾਰ ਆਦਿ ਵੀ ਹਾਜ਼ਰ ਸਨ।

ਜੀ.ਐੱਸ.ਟੀ ਇਹ ਸੇਵਾ ਪ੍ਰਦਾਨ ਕਰਨ ਵਾਲੀਆਂ ਕੰਪਨੀਆਂ ਵਿਭਾਗ ਦਾ ਨਿਸ਼ਾਨਾ ਹੋਣਗੀਆਂ

ਜੀ.ਐੱਸ.ਟੀ ਵਿਭਾਗ ਵੱਲੋਂ ਇੱਕ ਮਹੀਨੇ ਦੌਰਾਨ ਸ਼ਹਿਰ ਦੇ ਰੈਸਟੋਰੈਂਟਾਂ, ਸੈਲੂਨਾਂ, ਬੁਟੀਕ, ਟੇਲਰਜ਼, ਆਰਕੀਟੈਕਟ, ਇਸ਼ਤਿਹਾਰਬਾਜ਼ੀ ਕੰਪਨੀਆਂ, ਮੈਰਿਜ ਪੈਲੇਸ, ਬੈਂਕੁਏਟ ਹਾਲ, ਕੇਟਰਰ, ਕਾਰਾਂ ਦੀ ਮੁਰੰਮਤ ਅਤੇ ਸੇਵਾ ਕਰਨ ਵਾਲੇ ਲੋਕਾਂ, ਡੈਂਟਿੰਗ ਅਤੇ ਪੇਂਟਿੰਗ ਕਰਨ ਵਾਲੇ ਲੋਕਾਂ, ਸੜਕਾਂ ਅਤੇ ਇਮਾਰਤਾਂ ਦੇ ਠੇਕੇਦਾਰਾਂ ਦਾ ਦੌਰਾ ਕੀਤਾ ਜਾਵੇਗਾ। ਸਮਾਗਮ, ਕੰਪਨੀਆਂ, ਸਜਾਵਟ, ਡੀ.ਜੇ. ਇਹਨਾਂ ਵਿੱਚ ਇਮੀਗ੍ਰੇਸ਼ਨ ਸੇਵਾਵਾਂ, ਕੋਚਿੰਗ ਸੰਸਥਾਵਾਂ, ਟੂਰ ਅਤੇ ਟਰੈਵਲ ਏਜੰਟ, ਸੁਰੱਖਿਆ ਅਤੇ ਬਾਊਂਸਰ ਸੇਵਾ ਪ੍ਰਦਾਤਾ, ਕੋਰੀਅਰ ਸੇਵਾ ਪ੍ਰਦਾਤਾ, ਰਿਹਾਇਸ਼ ਸੇਵਾ ਪ੍ਰਦਾਤਾ ਅਤੇ ਹੋਰ ਕਿਸੇ ਵੀ ਕਿਸਮ ਦੇ ਸੇਵਾ ਪ੍ਰਦਾਤਾ ਸ਼ਾਮਲ ਹਨ।

# ਬਚੇਲੀ ਛੱਤੀਸਗੜ੍ਹ ਦੇ ਗੁਰਦੁਆਰਾ ਸਾਹਿਬ ਵਿਚ ਮਨਾਇਆ ਗਿਆ ਲੋਹੜੀ ਦਾ ਤਿਉਹਾਰ



ਫਗਵਾੜਾ-ਬਚੇਲੀ-ਛੱਤੀਸਗੜ੍ਹ 14 ਜਨਵਰੀ (ਸੁਸ਼ੀਲ ਸ਼ਰਮਾ) ਬਚੇਲੀ ਛੱਤੀਸਗੜ੍ਹ ਦੇ ਸ੍ਰੀ ਸਿੰਘ ਸਭਾ ਗੁਰੂਦੁਆਰਾ ਸਾਹਿਬ ਵਿਖੇ ਲੋਹੜੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਰਾਤ ਨੂੰ ਦੀਵਾਨ ਸਜਾਏ ਗਏ,ਸ਼ਬਦ, ਕੀਰਤਨ ਅਤੇ ਅਰਦਾਸ ਉਪਰੰਤ ਲੋਹੜੀ ਦਾ ਪ੍ਰਕਾਸ਼ ਕੀਤਾ ਗਿਆ ਅਤੇ ਬਾਅਦ ਵਿੱਚ ਸਮੂਹ ਸੰਗਤ ਨੂੰ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਹ ਜਾਣਕਾਰੀ ਸ. ਸੁਖਵਿੰਦਰ ਸਿੰਘ ਨੇ ਦਿੱਤੀ । ਉਹਨਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਲੋਹੜੀ ਸਾਲ ਦਾ ਪਹਿਲਾ ਤਿਉਹਾਰ ਹੁੰਦਾ ਹੈ। ਇਸ ਲਈ ਇਸ ਤਿਉਹਾਰ ਦਾ ਵਿਸ਼ੇਸ਼ ਮਹੱਤਵ ਹੁੰਦਾ ਹੈ। ਉਹਨਾਂ ਕਿਹਾ ਕਿ ਗੁਰਦੁਆਰਾ ਸਾਹਿਬ ਵਿਚ ਪਾਠ, ਸ਼ਬਦ ਕੀਰਤਨ ਰਾਹੀਂ ਅਤੇ ਲੋਹੜੀ ਦਾ ਤਿਉਹਾਰ ਮਨਾ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਹੈ। ਤਾਂ ਜੋ ਸਭ ਲਈ ਸਾਰਾ ਸਾਲ ਸੁਖਮਈ ਬਤੀਤ ਹੋਵੇ ਅਤੇ ਭਾਈਚਾਰਕ ਸਾਂਝ ਵਧੇ। ਉਹਨਾਂ ਦੱਸਿਆ ਕਿ ਗੁਰੂ ਗ੍ਰੰਥ ਸਾਹਿਬ ਜੀ ਦੇ ਓਟ ਆਸਰੇ ਨਾਲ ਹਰ ਸਾਲ ਲੋਹੜੀ ਦਾ ਤਿਓਹਾਰ ਇਸੇ ਤਰ੍ਹਾਂ ਮਨਾਇਆ ਜਾਂਦਾ ਹੈ।

# ਟ੍ਰੈਫਿਕ ਨਿਯਮਾਂ ਦੀ ਪਾਲਨਾ ਕਰਕੇ ਨਿੱਤ ਹੋਣ ਵਾਲੇ ਸੜਕੀ ਹਾਦਸਿਆਂ ਤੋਂ ਬਚਿਆ ਜਾ ਸਕਦਾ ਹੈ : ਡੀ ਐਸ ਪੀ ਫਗਵਾੜਾ

## ਸਕੂਲ ਆਫ ਅਮੀਨੇਸ ਫਗਵਾੜਾ ਵਿਖੇ ਚੱਲ ਰਹੇ ਲੀਗ ਮੈਚ ਦਾ ਉਦਘਾਟਨ ਡੀ ਐਸ ਪੀ ਫਗਵਾੜਾ ਭਰਤ ਭੂਸ਼ਨ ਹੋਰਾ ਅਪਣੇ ਕਰ ਕਮਲਾਂ ਨਾਲ ਕੀਤਾ





ਫਗਵਾੜਾ 14 ਜਨਵਰੀ ( ਸੁਸ਼ੀਲ ਸ਼ਰਮਾ) ਐਸ ਐਸ ਪੀ ਕਪੂਰਥਲਾ ਗੌਰਵ ਤੂਰਾ ਦੇ ਹੁਕਮਾ ਅਤੇ ਐਸ ਪੀ ਫਗਵਾੜਾ ਰੁਪਿੰਦਰ ਕੌਰ ਭੱਟੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਟ੍ਰੈਫਿਕ ਜਾਗਰੂਕਤਾ ਸਪਤਾਹ ਦੋਰਾਨ ਡੀ ਐਸ ਪੀ ਫਗਵਾੜਾ ਭਰਤ ਭੂਸ਼ਨ ਦੀ ਯੋਗ ਅਗਵਾਈ ਹੇਠ ਟ੍ਰੈਫਿਕ ਇੰਚਾਰਜ ਅਮਨ ਕੁਮਾਰ ਦੀ ਸੁਚੱਜੀ ਦੇਖਰੇਖ ਹੇਠ ਟ੍ਰੈਫਿਕ ਪੁਲਿਸ ਫਗਵਾੜਾ ਵਲੋਂ ਸਕੂਲ ਆਫ ਅਮੀਨੇਸ ਫਗਵਾੜਾ ਵਿਖੇ ਚੱਲ ਰਹੇ ਫੁੱਟਬਾਲ ਲੀਗ ਮੈਚ ਦਾ ਉਦਘਾਟਨ ਡੀ ਐਸ ਪੀ ਫਗਵਾੜਾ ਭਰਤ ਭੂਸ਼ਨ ਹੋਰਾ ਅਪਣੇ ਕਰ ਕਮਲਾਂ ਨਾਲ ਕੀਤਾ ਅਤੇ ਵਿਦਿਆਰਥੀਆਂ ਨੂੰ ਟ੍ਰੈਫਿਕ ਨਿਯਮਾਂ ਪ੍ਰਤੀ ਜਾਣਕਾਰੀ ਦਿੰਦਿਆਂ ਆਖਿਆ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਕੇ ਨਿੱਤ ਹੋਣ ਵਾਲੇ ਸੜਕੀ ਹਾਦਸਿਆਂ ਤੋਂ ਬਚਿਆ ਜਾ ਸਕਦਾ ਹੈ ਇਸ ਮੌਕੇ ਟ੍ਰੈਫਿਕ ਇੰਚਾਰਜ ਫਗਵਾੜਾ ਇੰਸਪੈਕਟਰ ਅਮਨ ਕੁਮਾਰ ਵੱਲੋਂ ਬੱਚਿਆਂ ਅਤੇ ਅਧਿਆਪਕਾਂ ਨੂੰ ਸੜਕ ਅਤੇ ਟ੍ਰੈਫਿਕ ਨਿਯਮਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਅਮਨ ਕੁਮਾਰ ਨੇ ਬੱਚਿਆਂ ਅਤੇ ਅਧਿਆਪਕਾਂ ਨੂੰ ਟਰੈਫਿਕ ਨਿਯਮਾਂ ਸੰਬੰਧਤ ਸਮਝਾਇਆ ਤੇ ਦੱਸਿਆ ਕਿਵੇਂ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਉਨ੍ਹਾਂ ਦੱਸਿਆ ਕਿ ਲੋਕ ਨਿਯਮਾਂ ਦੀ ਘੱਟ ਪਾਲਣਾ ਕਰਦੇ ਹਨ ਜਿਸ ਕਾਰਨ ਬਹੁਤ ਹਾਦਸੇ ਹੁੰਦੇ ਹਨ ਇਿਹਨਾਂ ਹਾਦਸਿਆਂ ਕਾਰਨ ਬਹੁਤ ਪਰਵਾਰਾਂ ਦੇ ਚਿਰਾਗ਼ ਬੁਝ ਗਏ ਹਨ ਜੇਕਰ ਅਸੀਂ ਇਹਨਾਂ ਹਾਦਸਿਆਂ ਤੋਂ ਬਚਣਾ ਹੈ ਤਾਂ ਸਾਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਸਾਨੂੰ ਸਾਰੇ ਟ੍ਰੈਫਿਕ ਨਿਯਮਾਂ ਦਾ ਪਤਾ ਹੋਣਾ ਚਾਹੀਦਾ ਹੈ ਜਿਸ ਬਾਬਤ ਸਾਰੇ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਬਾਰੇ ਸਮਝਾਇਆ ਗਿਆ ਅਤੇ ਨਿਯਮਾਂ ਬਾਰੇ ਪ੍ਰਸ਼ਨ ਉੱਤਰ ਵੀ ਪੁੱਛੇ ਟਰੈਫਿਕ ਨਿਯਮਾਂ ਦੀ ਪਾਲਣਾ ਦੇ ਨਾਲ-ਨਾਲ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਹਦਾਇਤ ਵੀ ਕੀਤੀ ਗਈ ਇਸ ਮੌਕੇ ਪ੍ਰਦੀਪ ਕੁਮਾਰ ਕੋਚ, ਕੁਲਵਿੰਦਰ ਕੁਮਾਰ ਡੀ ਪੀ ਈ , ਦੇਸ ਰਾਜ ਪੀ ਟੀ ਆਈ ਸਕੂਲ ਪ੍ਰਿੰਸੀਪਲ ਰਣਜੀਤ ਕੁਮਾਰ ਗੋਗਨਾ, ਸ਼ਰੂਤੀ ਦੁੱਗਲ, ਮਨਜੀਤ ਕੌਰ, ਸਿਮਰਜੀਤ ਕੌਰ, ਗੀਤੂ ਗੋਗਨਾ, ਦੇਸ ਰਾਜ, ਕੁਲਵਿੰਦਰ ਕੁਮਾਰ, ਸਤਨਾਮ ਸਿੰਘ, ਸਤਵੰਤ ਟੂਰਾ, ਦੀਪਕ ਸਹਿਗਲ, ਪ੍ਰਵੀਨ ਬੁਤਾਂ, ਮਨੋਹਰ ਸਿੰਘ, ਕੁਲਦੀਪ ਸਿੰਘ, ਅਭਹੀਰਾਮ ਸਿਆਲ, ਦਿਨੇਸ਼ ਸਿੰਘ, ਵਿਨੋਦ ਕੁਮਾਰ ਮੌਜੂਦ ਸਨ ਪ੍ਰਿੰਸੀਪਲ ਵੱਲੋਂ ਸਾਰੀ ਟੀਮ ਨੂੰ ਸਨਮਾਨਤ ਕਰਕੇ ਉਹਨਾਂ ਦਾ ਧੰਨਵਾਦ ਕੀਤਾ

# ਸਰਕਾਰੀ ਹਾਈ ਸਕੂਲ ਖਲਵਾੜਾ ਦੀ ਵਿਦਿਆਰਥਣ ਨੇ ਜਿੱਤਿਆ ਬਲਾਕ ਪੱਧਰੀ ਵਿਗਿਆਨ ਪ੍ਰਦਰਸ਼ਨੀ ਮੁਕਾਬਲਾ



ਫਗਵਾੜਾ 14 ਜਨਵਰੀ (ਸੁਸ਼ੀਲ ਸ਼ਰਮਾ)ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਗਵਾੜਾ ਵਿਖੇ ਹੋਏ ਬਲਾਕ ਪੱਧਰੀ ਵਿਗਿਆਨ ਪ੍ਰਦਰਸ਼ਨੀ ਮੁਕਾਬਲੇ ਵਿੱਚ ਭੋਜਨ ਸਿਹਤ ਅਤੇ ਸਫਾਈ ਥੀਮ ਅਧੀਨ ਸਰਕਾਰੀ ਹਾਈ ਸਕੂਲ ਖਲਵਾੜਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸਕੂਲ ਦੇ ਹੈੱਡ ਮਾਸਟਰ ਹਰਸਿਮਰਨ ਸਿੰਘ ਨੇ ਦੱਸਿਆ ਕਿ ਛੇਵੀਂ ਕਲਾਸ ਦੀ ਵਿਦਿਆਰਥਣ ਅੰਮ੍ਰਿਤਾ ਨੂੰ ਇਸ ਮੁਕਾਬਲੇ ਵਿਚ ਪਹਿਲਾ ਸਥਾਨ ਪ੍ਰਾਪਤ ਹੋਇਆ ਹੈ ਜੋ ਕਪੂਰਥਲਾ ਵਿਖੇ ਹੋਣ ਵਾਲੇ ਜਿਲ੍ਹਾ ਪੱਧਰੀ ਮੁਕਾਬਲੇ ਵਿਚ ਭਾਗ ਲਵੇਗੀ ਉਹਨਾਂ ਹੋਣਹਾਰ ਵਿਦਿਆਰਥਣ ਅੰਮ੍ਰਿਤਾ ਨੂੰ ਜਿਲ੍ਹਾ ਪੱਧਰੀ ਮੁਕਾਬਲੇ ਵਿੱਚ ਵੱਧੀਆ ਪ੍ਰਦਰਸ਼ਨ ਕਰਨ ਲਈ ਸ਼ੁੱਭ ਇੱਛਾਵਾਂ ਦਿੱਤੀਆਂ ਇਸ ਦੌਰਾਨ ਉਹਨਾਂ ਨੇ ਮੈਡਮ ਜੋਤੀ ਕੁਮਾਰੀ ਦੀ ਮਿਹਨਤ ਨੂੰ ਵੀ ਸਰਾਹਿਆ। ਜਿਹਨਾਂ ਦੇ ਮਾਰਗਦਰਸ਼ਨ ਹੇਠ ਛੇਵੀਂ ਤੋਂ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਨੇ ਵਧੀਆ ਪ੍ਰਦਰਸ਼ਨ ਰਾਹੀਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ ਇਸ ਮੌਕੇ ਸਕੂਲ ਸਟਾਫ ਮੈਡਮ ਰਜਿੰਦਰ ਕੌਰ, ਸਵਿਤਾ ਪਵਾਰ, ਪੂਜਾ ਸੂਦ, ਅਤਿਕਾ ਧੀਰ, ਆਸ਼ਾ ਰਾਣੀ, ਕਮਲੇਸ਼ ਕੌਰ ਅਤੇ ਰਚਨਾ ਦੇਵੀ ਆਦਿ ਹਾਜਰ ਸਨ

# ਇਤਿਹਾਸਕ ਗੁਰਦੁਆਰਾ ਚੌਂਤਾ ਸਾਹਿਬ ਪਿੰਡ ਬਬੇਲੀ ਵਿਖੇ ਸ਼ਰਧਾ ਨਾਲ ਮਨਾਈ ਮਾਘੀ ਮਹੀਨੇ ਦੀ ਸੰਗਰਾਂਦ





ਫਗਵਾੜਾ 14 ਜਨਵਰੀ ( ਸੁਸ਼ੀਲ ਸ਼ਰਮਾ ) ਇਤਿਹਾਸਕ ਗੁਰਦੁਆਰਾ ਚੌਂਤਾ ਸਾਹਿਬ ਪਿੰਡ ਬਬੇਲੀ ਤਹਿਸੀਲ ਫਗਵਾੜਾ ਵਿਖੇ ਮਾਘੀ ਮਹੀਨੇ ਦੀ ਪਵਿੱਤਰ ਸੰਗਰਾਂਦ ਦਾ ਦਿਹਾੜਾ ਪ੍ਰਬੰਧਕ ਕਮੇਟੀ ਵਲੋਂ ਕਮੇਟੀ ਪ੍ਰਧਾਨ ਬਲਦੇਵ ਸਿੰਘ ਦੀ ਅਗਵਾਈ ਹੇਠ ਇਲਾਕੇ ਭਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਬਬੇਲੀ ਨੇ ਸਰਬੱਤ ਦੇ ਭਲੇ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਉਪਰੰਤ ਪੰਥਕ ਢਾਡੀ ਭਾਈ ਅਮਰਜੀਤ ਸਿੰਘ ਸਿੱਧਵਾ ਕਾਲੇਜ ਵਾਲਿਆਂ ਦੇ ਜੱਥੇ ਨੇ ਢਾਡੀ ਵਾਰਾਂ ਰਾਹੀਂ ਸੰਗਤਾ ਨੂੰ ਚਾਲੀ ਮੁਕਤਿਆਂ ਦੀ ਬਹਾਦਰੀ ਦੇ ਪ੍ਰਸੰਗ ਭਰੇ ਇਤਿਹਾਸ ਨਾਲ ਜੋੜਿਆ। ਕਮੇਟੀ ਪ੍ਰਧਾਨ ਬਲਦੇਵ ਸਿੰਘ ਨੇ ਸਮੂਹ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਇਤਿਹਾਸ ਮਹਾਨ ਸ਼ਹਾਦਤਾਂ ਨਾਲ ਭਰਿਆ ਹੈ। ਜਿਸ ਵਿਚ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਲੀ ਮੁਕਤਿਆਂ ਦੀ ਲਸਾਨੀ ਸ਼ਹਾਦਤ ਦਾ ਵੀ ਪ੍ਰਮੁੱਖ ਸਥਾਨ ਹੈ। ਉਹਨਾਂ ਚਾਲੀ ਮੁਕਤਿਆਂ ਦੀ ਸ਼ਹਾਦਤ ਤੋਂ ਨੌਜਵਾਨਾਂ ਨੂੰ ਸੇਧ ਲੈਣ ਦੀ ਅਪੀਲ ਵੀ ਕੀਤੀ। ਇਸ ਮੌਕੇ ਢਾਡੀ ਜੱਥੇ ਸਮੇਤ ਪ੍ਰਮੁੱਖ ਸ਼ਖਸੀਅਤਾਂ, ਸੇਵਾਦਾਰਾਂ, ਸਹਿਯੋਗੀਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਭੇਂਟ ਕੀਤੇ ਗਏ। ਗੁਰੂ ਕਾ ਲੰਗਰ ਸੇਵਾਦਾਰਾਂ ਵਲੋਂ ਅਤੁੱਟ ਵਰਤਾਇਆ ਗਿਆ। ਇਸ ਮੌਕੇ ਹਰਜਿੰਦਰ ਸਿੰਘ ਮੀਤ ਪ੍ਰਧਾਨ, ਕੁੰਦਨ ਸਿੰਘ, ਰਣਜੀਤ ਸਿੰਘ ਖਾਲਸਾ, ਬੀਬੀ ਸਰਬਜੀਤ ਕੌਰ, ਪਰਮਜੀਤ ਕੌਰ, ਅਮਨਦੀਪ ਸਿੰਘ ਉੱਚਾ ਪਿੰਡ, ਮਲਕੀਤ ਸਿੰਘ ਉੱਚਾ ਪਿੰਡ, ਕਸ਼ਮੀਰ ਸਿੰਘ, ਬਲਵਿੰਦਰ ਸਿੰਘ, ਗੁਰਮੀਤ ਸਿੰਘ ਰਾਣੀਪੁਰ, ਹਰਪਾਲ ਸਿੰਘ ਉੱਚਾ ਪਿੰਡ, ਅਮਰੀਕ ਸਿੰਘ, ਇਕਬਾਲ ਸਿੰਘ, ਤੀਰਥ ਸਿੰਘ, ਹਰਜਿੰਦਰ ਸਿੰਘ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਪ੍ਰਭਜੋਤ ਸਿੰਘ, ਭੁਪਿੰਦਰ ਸਿੰਘ, ਸੁਰਿੰਦਰ ਸਿੰਘ, ਪਲਵਿੰਦਰ ਸਿੰਘ, ਸਤਨਾਮ ਸਿੰਘ, ਪਰਮਜੀਤ ਸਿੰਘ, ਨਿਰੰਜਣ ਸਿੰਘ, ਹਰਤੇਜ ਸਿੰਘ ਉੱਚਾ ਪਿੰਡ, ਜਸਪ੍ਰੀਤ ਕੌਰ ਉੱਚਾ ਪਿੰਡ, ਨਰਿੰਦਰ ਸਿੰਘ, ਮੱਖਣ ਸਿੰਘ, ਗੁਰਮੀਤ ਸਿੰਘ ਉੱਚਾ ਪਿੰਡ, ਸੰਤੋਖ ਸਿੰਘ, ਮੁਖਤਿਆਰ ਸਿੰਘ, ਤਰਲੋਚਨ ਸਿੰਘ, ਤਰਸੇਮ ਸਿੰਘ, ਅਮਰਜੀਤ ਸਿੰਘ, ਬਲਵੀਰ ਸਿੰਘ, ਜੋਗਿੰਦਰ ਸਿੰਘ, ਤਰਲੋਕ ਸਿੰਘ, ਜੋਧ ਸਿੰਘ, ਗੁਰਜੰਟ ਸਿੰਘ, ਕਮਲਜੀਤ ਸਿੰਘ, ਕਰਮ ਸਿੰਘ, ਗੁਰਚਰਨ ਸਿੰਘ ਮੂਸਾਰਪੁਰ, ਸੁਖਵਿੰਦਰ ਸਿੰਘ, ਬਲਵੰਤ ਸਿੰਘ, ਚਰਨਜੀਤ ਸਿੰਘ, ਗੁਰਪ੍ਰੀਤ ਸਿੰਘ ਅਤੇ ਲਖਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਹਾਜਰ ਸਨ

ਰੋਜ਼ਾਨਾ ਲੋਕ ਬਾਣੀ www.lokbani

# ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਵੱਲੋਂ ਕਰਵਾਏ ਮਹਿਕਦੀ ਸ਼ਾਮ ਪ੍ਰੋਗਰਾਮ ਨੂੰ ਸਰੋਤਿਆਂ ਦਾ ਮਿਲਿਆ ਭਰਵਾਂ ਹੁੰਗਾਰਾ-ਸੂਦ ਵਿਰਕ




ਫਗਵਾੜਾ 14 ਜਨਵਰੀ (ਸੁਸ਼ੀਲ ਸ਼ਰਮਾ) ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਪੰਜਾਬੀ ਇਕਾਈ ਯੂਨਿਟ ਵੱਲੋਂ ਮਿਤੀ 12 ਜਨਵਰੀ ਦਿਨ ਐਤਵਾਰ ਨੂੰ ਸ਼ਾਮ 4 ਵਜੇ ਮਹਿਕਦੀ ਸ਼ਾਮ ਆਨਲਾਈਨ ਲਾਈਵ ਪ੍ਰੋਗਰਾਮ ਕਰਵਾਇਆ ਗਿਆ।ਜਿਸ ਦੀ ਮੇਜ਼ਬਾਨੀ ਸ਼ਾਇਰ ਮਹਿੰਦਰ ਸੂਦ ਵਿਰਕ ਨੇ ਕੀਤੀ ਅਤੇ ਇਸ ਪ੍ਰੋਗਰਾਮ ਵਿੱਚ ਪੰਜਾਬੀ ਲੇਖਕ ਜਸਵਿੰਦਰ ਸਿੰਘ ਚਾਹਲ ਨੂੰ ਸਰੋਤਿਆਂ ਦੇ ਰੂ-ਬ-ਰੂ ਕਰਵਾਇਆ। ਮਹਿਕਦੀ ਸ਼ਾਮ ਪ੍ਰੋਗਰਾਮ ਨੂੰ ਸੂਦ ਵਿਰਕ ਨੇ ਬਹੁਤ ਸ਼ਾਇਰਾਨਾ ਅੰਦਾਜ਼ ਵਿੱਚ ਪੇਸ਼ ਕੀਤਾ ਅਤੇ ਲੇਖਕ ਜਸਵਿੰਦਰ ਸਿੰਘ ਚਾਹਲ ਨੇ ਆਪਣੀਆਂ ਨਜ਼ਮਾਂ ਨਾਲ ਸਰੋਤਿਆਂ ਦੇ ਮਨਾਂ ਨੂੰ ਮੋਹ ਲਿਆ। ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਦੇ ਸੰਸਥਾਪਕ ਮਾਨ ਸਿੰਘ ਸੁਥਾਰ ਅਤੇ ਚੇਅਰਮੈਨ ਮੈਡਮ ਸੀਯਾ ਭਾਰਤੀ ਅਤੇ ਇਸ ਪ੍ਰੋਗਰਾਮ ਦੇ ਪ੍ਰਬੰਧਕ ਇਕਬਾਲ ਸਿੰਘ ਸਹੋਤਾ ਅਤੇ ਸੰਸਥਾ ਦੇ ਮੈਂਬਰ ਗੌਬਿਨ ਕੜਿਆਲਵੀ ਨੇ ਦੱਸਿਆ ਕਿ ਇਹ ਪ੍ਰੋਗਰਾਮ ਮਹੀਨੇ ਦੇ ਦੋ ਵਾਰੀ ਕਰਵਾਇਆ ਜਾਂਦਾ ਹੈ ਜਿਸ ਵਿੱਚ ਪੰਜਾਬੀ ਮਾਂ ਬੋਲੀ ਦੀ ਸੇਵਾ ਕਰਨ ਵਾਲੇ ਸਾਹਿਤਕਾਰਾਂ, ਸ਼ਾਇਰਾਂ, ਗਾਇਕਾਂ ਅਤੇ ਲੇਖਕਾਂ ਨੂੰ ਸ਼ਾਮਿਲ ਕੀਤਾ ਜਾਂਦਾ ਹੈ। ਮਾਨਸਰੋਵਰ ਸਾਹਿਤਕ ਅਕਾਦਮੀ ਰਾਜਸਥਾਨ ਪੰਜਾਬੀ ਮਾਂ ਬੋਲੀ ਲਈ ਵਚਨਬੱਧ ਹੈ ਅਤੇ ਇਸ ਤਰ੍ਹਾਂ ਦੇ ਉਪਰਾਲੇ ਸੰਸਥਾ ਵੱਲੋਂ ਲਗਾਤਾਰ ਕੀਤੇ ਜਾ ਰਹੇ ਹਨ।

ਰੋਜ਼ਾਨਾ ਲੋਕ ਬਾਣੀ www.lokbani

# ਸਦੀਵੀ ਵਿਛੋੜਾ ਦੇ ਗਏ ਗੁਰਦੀਪ ਜੱਸੀ ਦੇ ਪਰਿਵਾਰ ਨਾਲ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ



ਫ਼ਗਵਾੜਾ 14 ਜਨਵਰੀ (ਸੁਸ਼ੀਲ ਸ਼ਰਮਾ) ਬੀਤੇ ਦਿਨੀਂ ਸੇਵਾ ਮੁਕਤ ਲੈਕਚਰਾਰ ਸ.ਸ.ਸ.ਸ.(ਕੁੜੀਆਂ)ਬੜਾ ਪਿੰਡ(ਜਲੰਧਰ) ਅਤੇ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਜੁਆਇੰਟ ਪ੍ਰੈਸ ਸਕੱਤਰ ਸ਼੍ਰੀ ਗੁਰਦੀਪ ਜੱਸੀ ਜੀ ਅਚਨਚੇਤ ਹੀ ਹਰਟ ਅਟੈਕ ਆਉਣ ਕਰਕੇ ਆਪਣੇ ਪਰਿਵਾਰਕ ਮੈਂਬਰਾਂ,ਸਕੇ ਸੰਬੰਧੀਆਂ ਅਤੇ ਸਨੇਹੀਆਂ ਨੂੰ ਸਦਾ-ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ।ਅੱਜ ਉਹਨਾਂ ਦੇ ਅੰਤਿਮ ਸੰਸਕਾਰ ਮੌਕੇ ਤੇ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਸੀਨੀਅਰ ਮੀਤ ਪ੍ਰਧਾਨ ਸੀਤਲ ਰਾਮ ਬੰਗਾ,ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ,ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ,ਜੁਆਇੰਟ ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ,ਐਡੀਟਰ ਹਰੀ ਓਮ ਸ਼ਰਮਾ,ਸੀਤਲ ਲੋਈ, ਅਮਰੀਕ ਸਿੰਘ ਅਜਨੋਹਾ,ਪਿਆਰਾ ਰਾਮ ਪਲਾਹੀ,ਰਤਨ ਸਿੰਘ ਗੁਰਾਇਆ, ਸਤਪਾਲ ਸਿੰਘ ਖੱਟਕੜ,ਜਤਿੰਦਰ ਕੁਮਾਰ,ਗੁਰਦਿਆਲ ਡੱਲੇਵਾਲ,ਲੱਖਮੀ ਦਾਸ,ਰਾਮ ਕ੍ਰਿਸ਼ਨ ਬੜਾ ਪਿੰਡ ਆਦਿ ਨੇ ਉਹਨਾਂ ਦੀ ਸੁਪਤਨੀ ਜਸਵਿੰਦਰ ਕੌਰ ਜੱਸੀ,ਸਪੁੱਤਰਾਂ ਗੁਰਪ੍ਰੀਤ ਜੱਸੀ,ਰਿਪਲ ਜੱਸੀ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਜਿੱਥੇ ਪਰਿਵਾਰਕ ਮੈਂਬਰਾਂ, ਸਕੇ ਸੰਬੰਧੀਆਂ ਅਤੇ ਸਨੇਹੀਆਂ ਨੂੰ ਕਦੇ ਵੀ ਨਾ ਪੂਰਾ ਹੋਣ ਵਾਲਾ ਵੱਡਾ ਘਾਟਾ ਪਿਆ ਹੈ ਉੱਥੇ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਕੋਲੋਂ ਇੱਕ ਜ਼ਿੰਮੇਵਾਰ ਅਤੇ ਗੰਭੀਰ ਮੈਂਬਰ ਸਦਾ ਸਦਾ ਲਈ ਸਦੀਵੀ ਵਿਛੋੜਾ ਦੇ ਕੇ ਤੁਰ ਜਾਣ ਨਾਲ ਐਸੋਸੀਏਸ਼ਨ ਨੂੰ ਵੀ ਵੱਡਾ ਘਾਟਾ ਪਿਆ ਹੈ। ਬਤੌਰ ਜੁਆਇੰਟ ਪ੍ਰੈਸ ਸਕੱਤਰ ਉਹਨਾਂ ਵਲੋਂ ਪੈਨਸ਼ਨਰ ਐਸੋਸੀਏਸ਼ਨ ਨੂੰ ਦਿੱਤੀਆਂ ਗਈਆਂ ਸੇਵਾਵਾਂ ਨੂੰ ਸਦਾ ਯਾਦ ਕੀਤਾ ਜਾਂਦਾ ਰਹੇਗਾ। ਉਹਨਾਂ ਦੀ ਅੰਤਿਮ ਅਰਦਾਸ 19 ਜਨਵਰੀ ਦਿਨ ਐਤਵਾਰ ਨੂੰ ਸ਼੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਨੰਗਲ ਮੱਝਾ(ਨੇੜੇ ਫ਼ਗਵਾੜਾ) ਵਿਖੇ ਬਾਅਦ ਦੁਪਿਹਰ ਹੋ ਰਹੀ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਡਾ. ਦਰਸ਼ਨ ਕਟਾਰੀਆ ਨੇ ਕਰਵਾਈ ਬਾਬਾ ਮੋਤੀ ਰਾਮ ਮਹਿਰਾ ਦੀ ਸ਼ਹਾਦਤ ਨੂੰ ਸਮਰਪਿਤ ਦੁੱਧ ਦੇ ਲੰਗਰ ਦੀ ਸ਼ੁਰੂਆਤ



ਫਗਵਾੜਾ 14 ਜਨਵਰੀ ( ਸੁਸ਼ੀਲ ਸ਼ਰਮਾ ) ਸ਼੍ਰੀ ਵਰੁਣ ਦੇਵ ਖਵਾਜਾ ਜੀ ਮੰਦਿਰ ਕਮੇਟੀ ਅਤੇ ਕੱਸ਼ਿਅਪ ਰਾਜਪੂਤ ਕਮੇਟੀ ਜੀ.ਟੀ. ਰੋਡ ਫਗਵਾੜਾ ਵਲੋਂ ਬਾਬਾ ਮੋਤੀ ਰਾਮ ਮਹਿਰਾ ਜੀ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਦੁੱਧ ਦਾ ਲੰਗਰ ਭੱਠਾ ਗੇਟ ਉਂਕਾਰ ਨਗਰ ਵਿਖੇ ਅਤੁੱਟ ਵਰਤਾਇਆ ਗਿਆ। ਲੰਗਰ ਵਰਤਾਉਣ ਦੀ ਸ਼ੁਰੂਆਤ ਨਵ ਨਿਯੁਕਤ ਕੌਂਸਲਰ ਡਾ. ਦਰਸ਼ਨ ਕਟਾਰੀਆ ਨੇ ਰਿਬਨ ਕੱਟ ਕੇ ਕਰਵਾਈ। ਉਹਨਾਂ ਦੇ ਨਾਲ ਸਮਾਜ ਸੇਵਕ ਮਨਜੀਤ ਮੱਲ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਡਾ. ਕਟਾਰੀਆ ਨੇ ਕਿਹਾ ਕਿ ਬਾਬਾ ਮੋਤੀ ਰਾਮ ਮਹਿਰਾ ਜੀ ਨੇ ਮੁਗਲਾਂ ਦੇ ਜੁਲਮ ਤੋਂ ਬੇਪਰਵਾਹ ਹੋ ਕੇ ਆਪਣਾ ਧਰਮ ਨਿਭਾਇਆ। ਉਹਨਾਂ ਦੀ ਸ਼ਹਾਦਤ ਅਜੋਕੀ ਪੀੜ੍ਹੀ ਨੂੰ ਇਨਸਾਨੀਅਤ ਦੇ ਫਰਜ਼ਾਂ ਪ੍ਰਤੀ ਬਿਨਾ ਸੇਧ ਦੇਣ ਵਾਲੀ ਹੈ। ਇਸ ਮੌਕੇ ਕਮੇਟੀ ਚੇਅਰਮੈਨ ਘੁੱਲਾ ਸਰਹਾਲੇ ਵਾਲਾ, ਪ੍ਰਧਾਨ ਗੁਰਦਿਆਲ ਜੌਨੀ, ਸਾਬਕਾ ਜਨਰਲ ਸਕੱਤਰ ਹਰਚਰਨ ਭਾਰਤੀ, ਸਕੱਤਰ ਪਰਮਜੀਤ ਮਨੌਤਾ ਤੋਂ ਇਲਾਵਾ ਚੇਤਨ ਕੁਮਾਰ, ਰਾਣਾ ਚਾਚੋਕੀ, ਤਿਲਕ ਦੋਸਾਂਝ, ਚਰਨਜੀਤ ਸਿੰਘ ਬੈਂਕ ਮੈਨੇਜਰ, ਸਤਿੰਦਰ, ਪ੍ਰੇਮ ਜੀ, ਹਰਸ਼ ਕੁਮਾਰ, ਕਮਲ ਗੰਗੜ, ਮਨਜੀਤ ਸਿੰਘ, ਚਰਨਜੀਤ ਸਮੇਤ ਹੋਰ ਪਤਵੰਤੇ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸਵੱਛਤਾ ਅਭਿਆਨ ਸੋਸਾਇਟੀ ਫਗਵਾੜਾ ਰਜਿਸਟਰਡ ਅਤੇ ਗੀਤਾ ਭਵਨ ਕੋਚਿੰਗ ਸੈਂਟਰ ਫਗਵਾੜਾ ਨੇ ਲੋਹੜੀ ਧੂਮਧਾਮ ਨਾਲ ਮਨਾਈ




ਫਗਵਾੜਾ 14 ਜਨਵਰੀ (ਸੁਸ਼ੀਲ ਸ਼ਰਮਾ) ਸਵੱਛਤਾ ਅਭਿਆਨ ਸੋਸਾਇਟੀ ਫਗਵਾੜਾ ਰਜਿਸਟਰਡ ਅਤੇ ਸਤਿਕਾਰਯੋਗ ਪੰਡਿਤ ਸ਼੍ਰੀ ਦੇਵੀ ਰਾਮ ਸ਼ਰਮਾ ਜੀ ਦੇ ਅਸ਼ੀਰਵਾਦ ਨਾਲ ਚਲਾਏ ਜਾ ਰਹੇ ਗੀਤਾ ਭਵਨ ਕੋਚਿੰਗ ਸੈਂਟਰ, ਕਟੇਹਰਾ ਚੌਕ,ਫਗਵਾੜਾ ਵੱਲੋਂ ਲੋਹੜੀ ਉਤਸਵ ਸੋਸਾਇਟੀ ਦੇ ਚੇਅਰਮੈਨ ਮਦਨ ਮੋਹਨ ਖੱਟਰ ਅਤੇ ਪ੍ਰਧਾਨ ਆਸ਼ੀਸ਼ ਗਾਂਧੀ ਦੀ ਅਗਵਾਈ ਹੇਠ ਬਹੁਤ ਧੂਮਧਾਮ ਨਾਲ ਮਨਾਇਆ ਗਿਆ। ਮਾਤਾ ਸ਼ਮਾ ਰਾਣੀ ਜੀ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਵਾਰਡ ਨੰਬਰ 42 ਤੋਂ ਕੌਂਸਲਰ ਸਰਦਾਰ ਜਸਦੇਵ ਸਿੰਘ ਅਤੇ ਵਾਰਡ ਨੰਬਰ 49 ਤੋਂ ਸਮਾਜ ਸੇਵਕ ਅੰਕੁਸ਼ ਓਹਰੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ, ਫਗਵਾੜਾ ਦੇ ਹਰਗੋਵਿੰਦ ਨਗਰ ਸਥਿਤ ਵੀ.ਐਲ.ਸੀ.ਸੀ. ਸੈਲੂਨ ਦੀ ਮੈਡਮ ਵੰਦਨਾ ਅਤੇ ਸਤਵੀਰ ਕੌਰ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਵੀ.ਐਲ.ਸੀ.ਸੀ. ਤੋਂ ਮੈਡਮ ਨੀਤਿਕਾ ਅਤੇ ਸਾਈਸ਼ਾ ਵੀ ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਸਾਰੇ ਮੈਂਬਰਾਂ ਨੇ ਲੋਹੜੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰੋਗਰਾਮ ਦੀ ਸ਼ੁਰੂਆਤ ਭਜਨ ਨਾਲ ਹੋਈ। ਇਸ ਤੋਂ ਬਾਅਦ,ਬੱਚਿਆਂ ਨੇ ਵੱਖ-ਵੱਖ ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ। ਕਰੀਏਟਿਵ ਐਜ ਅਕੈਡਮੀ,ਹਦੀਆਬਾਦ ਰੋਡ,ਫਗਵਾੜਾ ਦੇ ਬੱਚਿਆਂ ਨੇ ਆਪਣੇ ਭੰਗੜੇ ਦੇ ਪ੍ਰਦਰਸ਼ਨ ਲਈ ਬਹੁਤ ਪ੍ਰਸ਼ੰਸਾ ਪ੍ਰਾਪਤ ਕੀਤੀ। ਕੋਚਿੰਗ ਸੈਂਟਰ ਦੀਆ ਵਿਦਿਆਰਥਣਾ ਦੁਆਰਾ ਲੋਹੜੀ ਦੇ ਗੀਤ ਵੀ ਗਾਏ ਗਏ। ਬੱਚਿਆਂ ਨੇ ਢੋਲ ਦੀਆਂ ਤਾਲਾਂ ਤੇ ਨੱਚ ਕੇ ਇਸ ਤਿਉਹਾਰ ਦਾ ਬਹੁਤ ਆਨੰਦ ਮਾਣਿਆ। ਇਸ ਪ੍ਰੋਗਰਾਮ ਦਾ ਸੰਚਾਲਨ ਮਸ਼ਹੂਰ ਕਾਮੇਡੀਅਨ ਸਿਕੰਦਰ ਸ਼ੀਮਰ ਨੇ ਕੀਤਾ। ਇਸ ਦੌਰਾਨ, ਲੋਹੜੀ ਦੀ ਧੂਣੀ ਲਗਾਈ ਗਈ ਅਤੇ ਮੂੰਗਫਲੀ ਅਤੇ ਰੇਵੜੀਆਂ ਵੰਡ ਕੇ ਇੱਕ ਦੂਜੇ ਨੂੰ ਲੋਹੜੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਆਸ਼ੀਸ਼ ਗਾਂਧੀ ਨੇ ਕਿਹਾ ਕਿ ਲੋਹੜੀ ਸਾਡੀ ਸੱਭਿਆਚਾਰਕ ਵਿਰਾਸਤ ਦਾ ਇੱਕ ਅਨਿੱਖੜਵਾਂ ਅੰਗ ਹੈ। ਇਸ ਤਿਉਹਾਰ ਨਾਲ ਬਹੁਤ ਸਾਰੀਆਂ ਲੋਕ ਕਹਾਣੀਆਂ ਜੁੜੀਆਂ ਹੋਈਆਂ ਹਨ ਜੋ ਸਾਨੂੰ ਚੰਗੇ ਆਚਰਣ ਦੀ ਪਾਲਣਾ ਕਰਨ ਅਤੇ ਲੋੜਵੰਦਾਂ ਦੀ ਸੇਵਾ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਚੇਅਰਮੈਨ ਮਦਨ ਮੋਹਨ ਖੱਟਰ ਨੇ ਲੋਹੜੀ ਅਤੇ ਮਕਰ ਸੰਕ੍ਰਾਂਤੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਇਹ ਤਿਉਹਾਰ ਖੁਸ਼ੀ, ਏਕਤਾ ਅਤੇ ਪਿਆਰ ਦਾ ਪ੍ਰਤੀਕ ਹੈ। ਅੰਤ ਵਿੱਚ, ਵਾਰਡ ਨੰਬਰ 42 ਤੋਂ ਕੌਂਸਲਰ ਸਰਦਾਰ ਜਸਦੇਵ ਸਿੰਘ ਅਤੇ ਵਾਰਡ ਨੰਬਰ 49 ਤੋਂ ਸਮਾਜ ਸੇਵਕ ਅੰਕੁਸ਼ ਓਹਰੀ,ਜੋ ਵਿਸ਼ੇਸ਼ ਤੌਰ ਤੇ ਪਹੁੰਚੇ ਸਨ,ਨੂੰ ਸੰਸਥਾ ਵੱਲੋਂ ਸਨਮਾਨਿਤ ਕੀਤਾ ਗਿਆ। ਮਹਿਮਾਨਾਂ ਦੁਆਰਾ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਬਹੁਤ ਸ਼ਲਾਘਾ ਕੀਤੀ ਗਈ। ਇਸ ਮੌਕੇ ਮਦਨ ਮੋਹਨ ਖੱਟਰ, ਆਸ਼ੀਸ਼ ਗਾਂਧੀ,ਰਮਨ ਨਹਿਰਾ,ਸ਼ਿਵ ਕੌੜਾ,ਅਮਰਜੀਤ ਡੰਗ, ਮੈਡਮ ਸੀਮਾ,ਮੈਡਮ ਖੁਸ਼ਬੂ,ਵੰਸ਼ਿਕਾ, ਸਾਇਸ਼ਾ,ਰੋਹਿਤ,ਨੀਤਿਕਾ, ਕ੍ਰਿਤਿਕਾ,ਪ੍ਰਿਯੰਕਾ,ਜੋਤੀ,ਪ੍ਰਿਆ,ਕਾਜਲ ,ਅੰਕਿਤਾ ਸੂਦ,ਅਰਪਿਤਾ, ਰੀਮਾ,ਕਮਲ ਕਪੂਰ,ਵੇਣੂਕਾ,ਪੰਕਜ,ਮੁਰਤਜ਼ਾ,ਕਮਲਜੀਤ ਕੌਰ, ਬਿੱਟੂ ਚੌਹਾਨ,ਭਾਵਨਾ ਰਾਜੂ ਅਤੇ ਹੋਰ ਵਿਦਿਆਰਥੀ ਮੌਜੂਦ ਸਨ।

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ 51 ਲੋੜਵੰਦਾਂ ਨੂੰ ਬੂਟ ਅਤੇ ਗਰਮ ਜਰਸੀਆਂ ਦੀ ਕੀਤੀ ਵੰਡ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਲੋਹੜੀ ਦੇ ਸ਼ੁੱਭ ਮੌਕੇ 'ਤੇ ਇਕ ਸਮਾਗਮ ਦਾ ਆਯੋਜਨ ਖੇੜਾ ਰੋਡ ਸਥਿਤ ਸੀਨੀਅਰ ਸਿਟੀਜਨ ਕੇਅਰ ਸੈਂਟਰ ਵਿਖੇ ਕੀਤਾ ਗਿਆ। ਜਿਸ ਵਿਚ ਬਤੌਰ ਮੁੱਖ ਮਹਿਮਾਨ ਸ਼੍ਰੀਮਤੀ ਕਾਂਤਾ ਢਿੱਲੋਂ ਅਤੇ ਪ੍ਰਿੰਸੀਪਲ ਸੋਨੀਆ ਢਿੱਲੋਂ ਨੇ ਸ਼ਿਰਕਤ ਕੀਤੀ। ਵਾਰਡ ਕੌਂਸਲਰ ਪਰਵਿੰਦਰ ਕੌਰ ਰਘਬੋਤਰਾ ਵੀ ਉਚੇਰੇ ਤੌਰ ਤੇ ਪਹੁੰਚੇ ਅਤੇ ਸਮੂਹ ਹਾਜਰੀਨ ਨੂੰ ਲੋਹੜੀ ਦੀ ਮੁਬਾਰਕਬਾਦ ਦਿੱਤਾ। ਇਸ ਦੌਰਾਨ 51 ਲੋੜਵੰਦਾਂ ਨੂੰ ਪੈਰਾਂ 'ਚ ਪਾਉਣ ਲਈ ਬੂਟਾਂ ਦੇ ਜੋੜੇ ਅਤੇ ਸਰਦੀ ਤੋਂ ਬਚਾਅ ਲਈ ਗਰਮ ਜਰਸੀਆਂ ਦੀ ਵੰਡ ਕੀਤੀ ਗਈ। ਇਸ ਤੋਂ ਪਹਿਲਾਂ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ ਅਤੇ ਸਕੱਤਰ ਸੁਰਿੰਦਰ ਪਾਲ ਨੇ ਮੁੱਖ ਮਹਿਮਾਨਾ ਨੂੰ ਜੀ ਆਇਆਂ ਆਖਿਆ। ਪ੍ਰੋਗਰਾਮ ਦੇ ਪ੍ਰਬੰਧਕ ਮਲਕੀਅਤ ਸਿੰਘ ਰਘਬੋਤਰਾ ਨੇ ਲੋਹੜੀ ਦੇ ਤਿਓਹਾਰ ਬਾਰੇ ਚਾਨਣਾ ਪਾਇਆ ਅਤੇ ਦੱਸਿਆ ਕਿ ਇਹ ਤਿਉਹਾਰ ਮੁੱਖ ਤੌਰ ਤੇ ਮੌਸਮ ਵਿਚ ਬਦਲਾਅ ਦਾ ਪ੍ਰਤੀਕ ਹੈ। ਉਹਨਾਂ ਦੱਸਿਆ ਕਿ ਬੂਟ ਅਤੇ ਜਰਸੀਆਂ ਵੰਡਣ ਦਾ ਇਹ ਉਪਰਾਲਾ ਸਵ. ਅਜੀਤ ਸਿੰਘ ਢਿੱਲੋਂ ਦੇ ਪਰਿਵਾਰ ਦੇ ਆਰਥਕ ਸਹਿਯੋਗ ਸਦਕਾ ਕੀਤਾ ਗਿਆ ਹੈ। ਕੌਂਸਲਰ ਪਰਵਿੰਦਰ ਕੌਰ ਰਘਬੋਤਰਾ ਨੇ ਢਿੱਲੋਂ ਪਰਿਵਾਰ ਦੇ ਉਪਰਾਲੇ ਦੀ ਸ਼ਲਾਘਾ ਅਤੇ ਧੰਨਵਾਦ ਕੀਤਾ। ਇਸ ਮੌਕੇ ਰਾਮ ਲੁਭਾਇਆ, ਕ੍ਰਿਸ਼ਨ ਕੁਮਾਰ, ਗੁਰਮਿੰਦਰ ਸਿੰਘ, ਸੁਭਾਸ਼ ਸ਼ਰਮਾ, ਰਾਜਕੁਮਾਰ, ਮਨੀਸ਼ ਕਨੌਜੀਆ, ਮੋਹਨ ਲਾਲ ਤਨੇਜਾ, ਐਸ. ਸੀ. ਚਾਵਲਾ, ਸੁਧਾ ਬੇਦੀ ਆਦਿ ਹਾਜਰ ਸਨ।

# ਹਾਂਡਾ ਰਿਹਾਇਸ਼ੀ ਸੁਸਾਇਟੀ ਦੀਆਂ ਸ਼ਿਕਾਇਤਾਂ ਤੇ ਕਾਰਵਾਈ ਕਰਨ ਤੋਂ ਅਸਮਰੱਥ ਨਿਗਮ



ਫਗਵਾੜਾ - ( ਸੁਸ਼ੀਲ ਸ਼ਰਮਾ) ਲੰਬੇ ਸਮੇਂ ਤੋਂ ਜੀ.ਟੀ ਰੋਡ ਫਗਵਾੜਾ ਦੇ ਬੱਸ ਸਟੈਂਡ ਦੇ ਸਾਹਮਣੇ ਹਾਂਡਾ ਕੰਪਲੈਕਸ ਦੇ ਕੋਲ ਸਥਿਤ ਹਾਂਡਾ ਰਿਹਾਇਸ਼ੀ ਸੋਸਾਇਟੀ ਦੇ ਫਲੈਟ ਮਾਲਕਾਂ ਨੇ ਫਲੈਟ ਵੇਚਣ ਦੇ ਧੋਖੇ ਨਾਲ ਸੁਸਾਇਟੀ ਦਾ ਨਿਰਮਾਣ ਕਰਨ ਵਾਲੇ ਬਿਲਡਰਾਂ ਖਿਲਾਫ ਨਿਗਮ ਨੂੰ ਸ਼ਿਕਾਇਤ ਕੀਤੀ ਹੈ। ਕੋਈ ਕਾਰਵਾਈ ਨਹੀਂ ਕੀਤੀ ਗਈ। ਪਿਛਲੇ ਸਾਲ ਵੀ ਇਸ ਸ਼ਿਕਾਇਤ ਦੀ ਕਾਪੀ ਵਿਭਾਗ ਦੇ ਮੰਤਰੀ ਬ੍ਰਹਮਸ਼ੰਕਰ ਜਿੰਪਾ ਨੂੰ ਸੌਂਪੀ ਗਈ ਸੀ, ਜਿਨ੍ਹਾਂ ਨੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਕੇ ਬਣਦੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਸੀ, ਪਰ ਇਸ ਤੋਂ ਕੁਝ ਨਹੀਂ ਨਿਕਲਿਆ। ਫਲੈਟ ਮਾਲਕ ਮੁਨੀਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਉਸ ਨੇ 5 ਅਕਤੂਬਰ 2024 ਨੂੰ ਆਰ.ਟੀ.ਆਈ. ਉਨ੍ਹਾਂ ਆਰ.ਟੀ.ਆਈ ਰਾਹੀਂ ਸ਼ਿਕਾਇਤਾਂ ਦੀ ਸਟੇਟਸ ਰਿਪੋਰਟ ਬਾਰੇ ਵੀ ਜਾਣਕਾਰੀ ਮੰਗੀ ਸੀ ਪਰ ਅੱਜ ਤੱਕ ਉਨ੍ਹਾਂ ਨੂੰ ਕੋਈ ਜਾਣਕਾਰੀ ਨਹੀਂ ਦਿੱਤੀ ਗਈ। ਮੁਨੀਸ਼ ਕੁਮਾਰ ਅਨੁਸਾਰ ਉਹ ਕਰੀਬ 10/15 ਸਾਲਾਂ ਤੋਂ ਫਲੈਟ ਖਰੀਦ ਕੇ ਸੁਸਾਇਟੀ ਵਿੱਚ ਰਹਿ ਰਹੇ ਹਨ। ਜਦੋਂ ਉਨ੍ਹਾਂ ਨੇ ਫਲੈਟ ਖਰੀਦੇ ਸਨ, ਤਾਂ ਸਬੰਧਤ ਰੀਅਲ ਅਸਟੇਟ ਕੰਪਨੀ ਦੇ ਮਾਲਕਾਂ/ਭਾਗੀਦਾਰਾਂ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਸੀ ਕਿ ਇਹ ਫਲੈਟ ਸਰਕਾਰੀ ਨਿਯਮਾਂ ਅਨੁਸਾਰ ਬਣਾਏ ਗਏ ਹਨ। ਪਰ ਬਾਅਦ ਵਿਚ ਉਸ ਨੂੰ ਪਤਾ ਲੱਗਾ ਕਿ ਇਸ ਇਮਾਰਤ ਨੂੰ ਸਰਕਾਰ ਤੋਂ ਮਨਜ਼ੂਰੀ ਨਹੀਂ ਮਿਲੀ ਸੀ। ਕਿਉਂਕਿ ਨਿਗਮ ਅਧਿਕਾਰੀਆਂ ਨੇ ਉਨ੍ਹਾਂ ਨੂੰ ਦੱਸਿਆ ਕਿ ਇਹ ਸੁਸਾਇਟੀ ਨਿਗਮ ਦੇ ਰਿਕਾਰਡ ਵਿੱਚ ਨਹੀਂ ਹੈ ਅਤੇ ਇਸ ਦਾ ਨਕਸ਼ਾ ਵੀ ਉਪਲਬਧ ਨਹੀਂ ਹੈ। ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਲਿਖਤੀ ਸ਼ਿਕਾਇਤ ਦੇਣ ਦੇ ਬਾਵਜੂਦ ਕੋਈ ਕਾਨੂੰਨੀ ਕਾਰਵਾਈ ਨਹੀਂ ਕੀਤੀ ਜਾ ਰਹੀ। ਦੂਜੇ ਪਾਸੇ ਫਲੈਟ ਮਾਲਕਾਂ ਅਤੇ ਨਿਗਮ ਦੇ ਸਬੰਧਤ ਅਧਿਕਾਰੀਆਂ ਨਾਲ ਸੰਪਰਕ ਕਰਕੇ ਉਨ੍ਹਾਂ ਦਾ ਪੱਖ ਜਾਣਨ ਦੀ ਹਰ ਸੰਭਵ ਕੋਸ਼ਿਸ਼ ਕੀਤੀ ਗਈ ਪਰ ਸੰਪਰਕ ਨਹੀਂ ਹੋ ਸਕਿਆ। ਇਹ ਵੀ ਦੱਸਣਯੋਗ ਹੈ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਉਦੋਂ ਤੋਂ ਇੱਥੇ ਕੋਈ ਵੀ ਸਥਾਈ ਨਿਗਮ ਕਮਿਸ਼ਨਰ ਤਾਇਨਾਤ ਨਹੀਂ ਕੀਤਾ ਗਿਆ ਹੈ ਅਤੇ ਭਾਵੇਂ ਪਿਛਲੇ ਮਹੀਨੇ ਮਾਣਯੋਗ ਅਦਾਲਤ ਦੇ ਹੁਕਮਾਂ ਤੇ ਨਿਗਮ ਚੋਣਾਂ ਹੋਈਆਂ ਸਨ, ਪਰ ਅੱਜ ਤੱਕ ਨਾ ਤਾਂ ਕੌਂਸਲਰ ਹੀ ਤਾਇਨਾਤ ਕੀਤੇ ਗਏ ਹਨ। ਦੇ ਅਹੁਦੇ ਤੇ ਨਿਯੁਕਤ ਕੀਤੇ ਜਾਣ ਤੇ ਸਿਰਫ਼ ਸਹੁੰ ਚੁਕਾਈ ਗਈ ਹੈ ਅਤੇ ਨਾ ਹੀ ਸ਼ਹਿਰ ਨੂੰ ਕੋਈ ਅਜਿਹਾ ਮੇਅਰ ਮਿਲਿਆ ਹੈ ਜੋ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਸਕੇ। ਦੱਸ ਦਈਏ ਕਿ ਪਿਛਲੇ ਸਮੇਂ ਦੌਰਾਨ ਨਿਗਮ ਤੇ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ ਲੱਗ ਚੁੱਕੇ ਹਨ ਅਤੇ ਕਈ ਨਾਜਾਇਜ਼ ਇਮਾਰਤਾਂ ਦੀ ਉਸਾਰੀ ਵੀ ਸਾਹਮਣੇ ਆ ਚੁੱਕੀ ਹੈ ਪਰ ਕੋਈ ਵੀ ਜ਼ਿੰਮੇਵਾਰ ਅਧਿਕਾਰੀ ਜਾਂ ਮੇਅਰ ਨਾ ਹੋਣ ਕਾਰਨ ਭ੍ਰਿਸ਼ਟਾਚਾਰ ਤੇ ਕਾਬੂ ਨਹੀਂ ਪਾਇਆ ਜਾ ਰਿਹਾ ਹੈ।

# ਲਾਇਨ ਗੁਰਦੀਪ ਸਿੰਘ ਕੰਗ ਨੇ ਡਿਸਟ੍ਰਿਕਟ ਗਵਰਨਰਾਂ ਨਾਲ ਅਗਾਉਂ ਪ੍ਰੋਜੈਕਟਾਂ ਬਾਰੇ ਕੀਤੀ ਚਰਚਾ



ਫਗਵਾੜਾ 14 ਜਨਵਰੀ ( ਸੁਸ਼ੀਲ ਸ਼ਰਮਾ ) ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਨੇ ਡਿਸਟ੍ਰਿਕਟ ਗਵਰਨਰ ਲਾਇਨ ਰਸ਼ਪਾਲ ਸਿੰਘ ਬੱਚਾਜੀਵੀ ਅਤੇ ਡਿਸਟ੍ਰਿਕਟ ਵਾਈਸ ਗਵਰਨਰ-1 ਲਾਇਨ ਵੀ.ਐਮ. ਗੋਇਲ ਨਾਲ ਸਾਲ 2025 ਵਿੱਚ ਡਿਸਟ੍ਰਿਕਟ ਦੀਆਂ ਸਮੂਹ ਕਲੱਬਾਂ ਦੇ ਸਹਿਯੋਗ ਨਾਲ ਕੀਤੇ ਜਾਣ ਵਾਲੇ ਮੁੱਖ ਪ੍ਰੋਜੈਕਟਾਂ ਬਾਰੇ ਚਰਚਾ ਕੀਤੀ। ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਲਾਇਨ ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਨਵਾਂ ਸਾਲ ਹਮੇਸ਼ਾ ਨਵਾਂ ਉਤਸ਼ਾਹ ਲੈ ਕੇ ਆਉਂਦਾ ਹੈ। ਜਨਵਰੀ ਤੋਂ ਅਪ੍ਰੈਲ ਤੱਕ ਕਈ ਵੱਡੇ ਤਿਉਹਾਰ ਆਉਂਦੇ ਹਨ। ਇਸ ਲਈ ਲਾਇਨਜ਼ 321-ਡੀ ਤਹਿਤ ਉਨ੍ਹਾਂ ਪ੍ਰੋਜੈਕਟਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ, ਜਿਨ੍ਹਾਂ ਲਈ ਡਿਸਟ੍ਰਿਕਟ ਦੇ ਸਮੂਹ ਕਲੱਬਾਂ ਨੂੰ ਪ੍ਰੇਰਿਤ ਕੀਤਾ ਜਾਣਾ ਹੈ। ਡਿਸਟ੍ਰਿਕਟ ਗਵਰਨਰ ਲਾਇਨ ਬੱਚਾਜੀਵੀ ਨੇ ਕਿਹਾ ਕਿ ਡਿਸਟ੍ਰਿਕਟ 321-ਡੀ ਅਧੀਨ ਆਉਂਦੇ ਸਮੂਹ ਕਲੱਬ ਇਸ ਸਾਲ ਵੀ ਸਮਾਜ ਸੇਵਾ ਵਿੱਚ ਮੋਹਰੀ ਰਹਿਣਗੇ ਅਤੇ ਡਿਸਟ੍ਰਿਕਟ ਦੀ ਸ਼ਾਨ ਨੂੰ ਬਰਕਰਾਰ ਰੱਖਣਗੇ। ਉਨ੍ਹਾਂ ਕਿਹਾ ਕਿ ਲਾਇਨ ਗੁਰਦੀਪ ਸਿੰਘ ਕੰਗ ਉਂਝ ਤਾਂ ਆਪ ਵੀ ਕਈ ਸ਼ਲਾਘਾਯੋਗ ਪ੍ਰੋਜੈਕਟ ਕਰਦੇ ਰਹਿੰਦੇ ਹਨ, ਪਰ ਉਨ੍ਹਾਂ ਸਮੇਤ ਸਮੂਹ ਡਿਸਟ੍ਰਿਕਟ ਚੇਅਰਮੈਨਾਂ ਰਾਹੀਂ ਕਲੱਬਾਂ ਨੂੰ ਵੱਖ-ਵੱਖ ਪ੍ਰੋਜੈਕਟਾਂ ਲਈ ਪ੍ਰੇਰਿਤ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ।

# ਕਾਨਪੁਰ ਵਿੱਚ ਮਕਰ ਸੰਕ੍ਰਾਂਤੀ ਤੇ ਲੱਖਾਂ ਲੋਕਾਂ ਨੇ ਗੰਗਾ ਵਿੱਚ ਡੁਬਕੀ ਲਗਾਈ

ਕਾਨਪੁਰ।(ਸੁਨੀਲ ਬਾਜਪਾਈ) ਅੱਜ ਮੰਗਲਵਾਰ ਨੂੰ, ਮਕਰ ਸੰਕ੍ਰਾਂਤੀ ਦੇ ਤਿਉਹਾਰ ਨੂੰ ਧੂਮਧਾਮ ਨਾਲ ਮਨਾਉਣ ਦੇ ਨਾਲ, ਲੱਖਾਂ ਲੋਕਾਂ ਨੇ ਗੰਗਾ ਵਿੱਚ ਡੁਬਕੀ ਲਗਾਈ। ਅੱਜ, ਮਕਰ ਸੰਕ੍ਰਾਂਤੀ ਦੇ ਸ਼ੁਭ ਤਿਉਹਾਰ ਤੇ, ਹਜ਼ਾਰਾਂ ਸ਼ਰਧਾਲੂ ਸ਼ਹਿਰ ਦੇ ਸਾਰੇ 14 ਘਾਟਾਂ, ਜਿਨ੍ਹਾਂ ਵਿੱਚ ਬਿਠੂਰ, ਅਟਲ, ਪਰਮਤ, ਸਰਸੈਯਾ, ਮਸਕਰ, ਸਿੱਧਨਾਥ, ਸ਼ੁਕਲਾਗੰਜ ਸ਼ਾਮਲ ਹਨ, ਤੇ ਪਵਿੱਤਰ ਡੁਬਕੀ ਲਗਾਉਣ ਲਈ ਪਹੁੰਚੇ। ਇਸ ਲਈ ਘਾਟਾਂ ਤੇ ਸ਼ਰਧਾਲੂਆਂ ਦੇ ਕੱਪੜੇ ਬਦਲਣ ਦੇ ਨਾਲ-ਨਾਲ ਉਨ੍ਹਾਂ ਦੀ ਸੁਰੱਖਿਆ ਦੇ ਪੂਰੇ ਪ੍ਰਬੰਧ ਕੀਤੇ ਗਏ ਸਨ।



ਅੱਜ, ਮਕਰ ਸੰਕ੍ਰਾਂਤੀ ਦੇ ਤਿਉਹਾਰ ਲਈ, ਅਟਲ ਘਾਟ ਅਤੇ ਸਰਸੈਯਾ ਘਾਟ ਦੇ ਵਿਚਕਾਰ ਜਲ ਪੁਲਿਸ ਕਰਮਚਾਰੀਆਂ ਦੇ ਨਾਲ 10 ਗੋਤਾਖੋਰ ਤਾਇਨਾਤ ਕੀਤੇ ਗਏ ਸਨ। ਬੈਰੀਕੇਡਿੰਗ ਦੇ ਨਾਲ-ਨਾਲ, ਸਰਸੈਯਾ ਘਾਟ ਤੇ ਗੰਗਾ ਕੰਢੇ ਤੱਕ ਪਹੁੰਚਣ ਲਈ 5 ਵਿਕਲਪਿਕ ਰਸਤੇ ਵੀ ਤਿਆਰ ਕੀਤੇ ਗਏ ਸਨ। ਇਸ ਤੋਂ ਇਲਾਵਾ ਅਟਲ, ਪਰਮਤ ਅਤੇ ਸਰਸੈਯਾ ਘਾਟਾਂ ਤੇ ਇਸ਼ਨਾਨ ਲਈ ਵਿਸ਼ੇਸ਼ ਤਿਆਰੀਆਂ ਕੀਤੀਆਂ ਗਈਆਂ ਸਨ। ਇੱਥੇ ਘਾਟ ਸਜਾਏ ਗਏ ਸਨ। ਖੰਭਿਆਂ ਦੀ ਵਰਤੋਂ ਕਰਕੇ ਕੰਢਿਆਂ ਨੂੰ ਲਗਾਇਆ ਗਿਆ ਸੀ। ਸਰਾਈਸਾਇਆ ਘਾਟ ਤੇ ਵਿਸ਼ੇਸ਼ ਗੰਗਾ ਆਰਤੀ ਲਈ ਇੱਕ ਜਗ੍ਹਾ ਵੀ ਬਣਾਈ ਗਈ ਸੀ।

ਮਕਰ ਸੰਕ੍ਰਾਂਤੀ ਦੇ ਇਸ ਮੌਕੇ ਤੇ ਇੱਥੇ ਭਜਨਾਂ ਅਤੇ ਆਰਤੀਆਂ ਦੀ ਧਾਰਾ ਵੀ ਵਗਦੀ ਦਿਖਾਈ ਦਿੱਤੀ। ਸ਼ਰਧਾਲੂਆਂ ਦੇ ਕੱਪੜੇ ਬਦਲਣ ਲਈ 23 ਕੱਪੜੇ ਬਦਲਣ ਵਾਲੇ ਕਮਰੇ ਅਤੇ ਪੂਜਾ ਕਰਨ ਲਈ 25 ਤੋਂ 30 ਝੌਂਪੜੀਆਂ ਵੀ ਬਣਾਈਆਂ ਗਈਆਂ ਸਨ। ਇੱਕ ਤਲਾਅ ਵੀ ਤਿਆਰ ਕੀਤਾ ਗਿਆ। ਇਸ ਮਕਰ ਸੰਕ੍ਰਾਂਤੀ ਤੇ ਸ਼ਰਧਾਲੂਆਂ ਦੀ ਭੀੜ ਨੂੰ ਦੇਖਦੇ ਹੋਏ, ਪੁਲਿਸ ਫੋਰਸ ਦੇ ਨਾਲ, ਪੀਏਸੀ ਦੀਆਂ 4 ਕੰਪਨੀਆਂ ਵੀ ਤਾਇਨਾਤ ਕੀਤੀਆਂ ਗਈਆਂ ਸਨ।

# ਖਰੜ ਦੇ ਸ਼੍ਰੀ ਬਾਂਕੇ ਬਿਹਾਰੀ ਮੰਦਿਰ ਵਿੱਚ ਲੋਹੜੀ ਅਤੇ ਮਕਰ ਸੰਕ੍ਰਾਂਤੀ ਦਾ ਤਿਉਹਾਰ ਮਨਾਇਆ

ਖਰੜ, 14 ਜਨਵਰੀ (ਕਾਲਾਿ ਸੰਘ ਸੈਣੀ )-ਸਥਾਨਕ ਸ਼ਿਹਰ ਖਰੜ ਦੇ ਸ਼੍ਰੀ ਬਾਂਕੇ ਬਿਹਾਰੀ ਮੰਦਰ ਵਿੱਚ, ਲੋਹੜੀ ਦਾ ਤਿਉਹਾਰ ਮਕਰ ਸੰਕ੍ਰਾਂਤੀ ਦਾਿ ਤਉਹਾਰ ਸਰਧਾ ਭਾਵਨਾਂ ਨਾਲ ਮਨਇਆਿ ਗਆਿ। ਇਸ ਸਬੰਧੀ ਜਾਣਕਾਰੀਿ ਦੰਿਦੇ ਹੋਏ ਸੇਵਾ ਸੰਮਤੀ ਦੇ ਪ੍ਰਧਾਨ ਭੁਪਿੰਦਰ ਸ਼ਰਮਾ ਦੱਸਿਆਿ ਕ ਲੋਹੜੀ ਦਾਿ ਤਉਹਾਰ ਪੂਰੇ ਉੱਤਰ ਭਾਰਤਿ ਵੱਚ ਬਹੁਤ ਧੂਮਧਾਮ ਅਤੇ ਸਰਧਾ ਭਾਵਨਾਂ ਨਾਲ ਮਨਾਇਆ ਜਾਂਦਾ ਹੈ। ਇਸ ਦਿਨ ਲੋਕ ਅੱਗ ਦੇ ਦੁਆਲੇ ਇਕੱਠੇ ਹੁੰਦੇ ਹਨ ਅਤੇ ਨੱਚਦੇ ਹਨ ਅਤੇ ਖੁਸ਼ੀ ਨਾਲ ਗਾਉਂਦੇ ਹਨ। ਲੋਹੜੀ ਦਾ ਤਿਉਹਾਰ ਖੁਸ਼ਹਾਲੀ ਅਤੇ ਖੁਸ਼ਹਾਲੀ ਦਾ ਪ੍ਰਤੀਕ ਹੈ।ਉਨਾਂ ਦੱਸਿਆਿ ਕ ਲੋਹੜੀ ਦੇ ਦੂਸਰੇਿ ਦਨ ਮਕਰ ਸੰਕ੍ਰਾਂਤੀ ਦਾ ਤਿਉਹਾਰ ਸਨਾਤਨ ਧਰਮ ਵਿੱਚ ਬਹੁਤ ਮਹੱਤਵ ਰੱਖਦਾ ਹੈ। ਮਕਰ ਸੰਕ੍ਰਾਂਤੀ ਦਾ ਤਿਉਹਾਰ ਪੂਰੇ ਭਾਰਤ ਵਿੱਚ ਬਹੁਤ ਧੂਮਧਾਮ ਨਾਲ ਮਨਾਇਆ ਜਾਂਦਾ ਹੈ।ਿ ਜਸ ਨੂੰ ਲੈ ਕੇ ਖਰੜ ਦੇ ਸ਼੍ਰੀ ਬਾਂਕੇ ਬਿਹਾਰੀ ਮੰਦਿਰ ਵਿੱਚ ਵੀ ਮਕਰ ਸੰਕ੍ਰਾਂਤੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਗਊਸ਼ਾਲਾ ਸੇਵਾ ਸੰਮਤੀ ਵੱਲੋਂ ਖਿਚੜੀ ਦਾ ਭੰਡਾਰਾ ਲਗਾਇਆ ਗਿਆ ਹੈ। ਪ੍ਰਧਾਨ ਭੂਪੇਂਦਰ ਸ਼ਰਮਾ ਨੇ ਦੱਸਿਆ ਕਿ ਮਕਰ ਸੰਕ੍ਰਾਂਤੀ ਵਾਲੇ ਦਿਨ ਪਵਿੱਤਰ ਨਦੀਆਂ ਵਿੱਚ ਇਸ਼ਨਾਨ ਕਰਨਾ ਅਤੇ ਪੁੰਨ ਕਾਰਜ ਕਰਨਾ ਸਭ ਤੋਂ ਉੱਤਮ ਮੰਨਿਆ ਜਾਂਦਾ ਹੈ। ਮਕਰ ਸੰਕ੍ਰਾਂਤੀ ਨਵੇਂ ਸਾਲ ਦਾ ਪਹਿਲਾ ਤਿਉਹਾਰ ਹੈ, ਇਸ ਲਈ ਇਸ ਨੂੰ ਬਹੁਤ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਗਊਸ਼ਾਲਾ ਸੇਵਾ ਸੰਮਤੀ ਦੇ ਸਮੂਹ ਮੈਂਬਰ ਪ੍ਰਧਾਨ ਭੁਪਿੰਦਰ ਸ਼ਰਮਾ, ਰਾਜੇਸ਼ ਮਲਿਕ, ਮੋਹਿਤ ਕੁਮਾਰ, ਅਮਿਤ ਸੇਠੀ, ਮਹਿੰਦਰ ਬਜਾਜ, ਪੰਡਿਤ ਚੰਦਨ ਮਿਸ਼ਰਾ ਆਦਿ ਹਾਜ਼ਰ ਸਨ।




# ਖਰੜ ਹਸਪਤਾਲ ਸੜਕ ਤੇ ਬੱਸ ਸਟੈਂਡ 'ਚ ਖੜੇ ਸੀਵਰੇਜ਼ ਦੇ ਗੰਦੇ ਪਾਣੀ ਕਾਰਨ ਹੋ ਰਹੇ ਮੁਸਾਫਿਰ ਪ੍ਰੇਸ਼ਾਨ,ਬਿਮਾਰੀ ਫੈਲਣ ਦਾ ਭਰ

ਖਰੜ, 14 ਜਨਵਰੀ (ਕਾਲਾ ਸਿੰਘ ਸੈਣੀ )- ਖਰੜ ਦੀ ਪੁਰਾਣੀ ਮੋਰਿੰਡਾ ਸੜਕ 'ਤੇ ਬਣੇ ਬੱਸ ਅੱਡੇ 'ਚ ਖੜਾ ਸੀਵਰੇਜ਼ ਦਾ ਗੰਦਾ ਪਾਣੀ ਨਗਰ ਕੌਂਸਲ ਖਰੜ ਦੀ ਸਫਾਈ ਮੁਹਿੰਮ ਦੀ ਪੋਲ ਖੋਲਦਾ ਨਜ਼ਰ ਆਉਂਦਾ ਹੈ। ਨਗਰ ਕੌਂਸਲ ਖਰੜ ਦੇ ਅਧਿਕਾਰੀਆਂ ਵਲੋਂ ਭਾਵੇਂ ਸ਼ਹਿਰ ਨੂੰ ਸਾਫ-ਸੁਥਰਾ ਰੱਖਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾਂਦੇ ਹਨ ਪਰ ਸ਼ਹਿਰ ਦੀ ਇਹ ਤਸਵੀਰ ਕਈ ਸਵਾਲ ਖੜੇ ਕਰਦੀ ਹੈ। ਹਸਪਤਾਲ ਨੂੰ ਜਾਂਦੀ ਇਸ ਸੜਕ 'ਤੇ ਬਣੇ ਇਸ ਬੱਸ ਸਟੈਂਡ ਵਿਚ ਖੜੇ ਗੰਦੇ ਪਾਣੀ ਵੱਲ ਹੁਣ ਤੱਕ ਨਾ ਤਾਂ ਕਿਸੇ ਨਗਰ ਕੌਂਸਲ ਅਧਿਕਾਰੀਆਂ ਦਾ ਧਿਆਨ ਗਿਆ ਹੈ ਅਤੇ ਨਾ ਹੀ ਸਿਹਤ ਵਿਭਾਗ ਦੇ ਅਧਿਕਾਰੀਆਂ ਦਾ। ਇਸ ਸੜਕ 'ਤੇ ਸਕੂਲ ਹੋਣ ਦੇ ਨਾਲ-ਨਾਲ ਇਸ ਬੱਸ ਅੱਡੇ ਦੇ ਬਿਲਕੁਲ ਨਜ਼ਦੀਕ ਬੀ.ਡੀ.ਪੀ.ਓ. ਦਫ਼ਤਰ ਵੀ ਹੈ। ਇਸ ਬੱਸ ਅੱਡੇ ਤੋਂ ਵੱਖ-ਵੱਖ ਪਿੰਡਾਂ ਦੇ ਰੂਟਾਂ ਨੂੰ ਰੋਜ਼ਾਨਾਂ ਹੀ ਦਰਜ਼ਨਾਂ ਬੱਸਾਂ ਰਾਹੀ ਮੁਸਾਫਿਰ ਸਫ਼ਰ ਕਰਦੇ ਹਨ। ਇਸ ਬੱਸ ਅੱਡੇ ਤੋਂ ਵੱਡੀ ਗਿਣਤੀ ਵਿੱਚ ਮੁਸਾਫਿਰ ਆਪੋ-ਆਪਣੀ ਮੰਜ਼ਿਲ ਨੂੰ ਜਾਣ ਲਈ ਬੱਸਾਂ ਦਾ ਇੰਤਜ਼ਾਰ ਕਰਦੇ ਹਨ। ਇਸ ਬੱਸ ਅੱਡੇ ਤੇ ਹੀ ਖਾਣ-ਪੀਣ ਦੀ ਦੁਕਾਨਾਂ ਵੀ ਹਨ।

ਇਸ ਮੌਕੇ ਬੱਸ ਅੱਡੇ 'ਚ ਖੜਨ ਵਾਲੀਆਂ ਬੱਸਾਂ ਦੇ ਡਰਾਈਵਰਾਂ, ਕੰਡਕਟਰਾਂ ਅਤੇ ਦੁਕਾਨਦਾਰਾਂ ਨੇ ਦੱਸਿਆ ਕਿ ਨਗਰ ਕੌਂਸਲ ਨੂੰ ਇਸ ਪਾਣੀ ਸਬੰਧੀ ਸ਼ਿਕਾਇਤਾਂ ਵੀ ਦਿੱਤੀਆਂ ਜਾ ਚੁੱਕੀਆਂ ਹਨ ਪਰ ਨਗਰ ਕੌਂਸਲ ਵਲੋਂ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ ਜਾਂਦਾ। ਜਿਸ ਕਾਰਨ ਭਿਆਨਕ ਬਿਮਾਰੀਆਂ ਫੈਲਣ ਦਾ ਡਰ ਬਣਿਆ ਹੋਇਆ ਹੈ। ਸੀਵਰੇਜ਼ ਦੇ ਇਸ ਗੰਦੇ ਪਾਣੀ ਕਾਰਨ ਲੋਕਾਂ ਨੂੰ ਸਾਹ ਲੈਣਾ 'ਚ ਵੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨਾਂ ਪ੍ਰਸਾਸ਼ਨ ਤੋਂ ਮੰਗ ਕੀਤੀ ਕਿ ਛੇਤੀ ਤੋਂ ਛੇਤੀ ਇਸ ਗੰਦੇ ਪਾਣੀ ਦੀ ਸਮੱਸਿਆ ਤੋਂ ਛੁਟਕਾਰਾ ਦਿਵਾਈਆ ਜਾਵੇ ਤਾਂ ਜੋ ਮੁਸਾਫਿਰਾਂ ਅਤੇ ਇੱਥੋਂ ਦੇ ਦੁਕਾਨਦਾਰਾਂ ਨੂੰ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਏ।




# ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਵਿਭਾਗ ਵੱਲੋਂ ਵੈਟਰਨ ਡੇ ਮਨਾਇਆ ਗਿਆ



ਗੁਰਦਾਸਪੁਰ-ਨਵਨੀਤ ਕੁਮਾਰ - ਲੈਫ਼ਟੀਨੈਂਟ ਕਰਨਲ ਅਮਰਜੀਤ ਸਿੰਘ ਭੁੱਲਰ (ਰਿਟਾਇਰਡ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਗੁਰਦਾਸਪੁਰ (ਰਿਟਾਇਰਡ) ਅਤੇ ਸੁਪਰਡੈਂਟ ਸ੍ਰੀ ਕੁਲਵੰਤ ਸਿੰਘ ਵੱਲੋਂ ਅੱਜ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਗੁਰਦਾਸਪੁਰ ਵਿਖੇ ਵੈਟਰਨ ਡੇ ਮਨਾਇਆ ਗਿਆ। ਇਸ ਦੌਰਾਨ ਇਸ ਦਫ਼ਤਰ ਵੱਲੋਂ 90 ਸਾਲ ਦੀ ਉਮਰ ਤੋਂ ਵੱਧ ਸਾਬਕਾ ਸੈਨਿਕਾਂ ਨੂੰ ਮੋਮੈਮਰੇਂਜ ਵੰਡੇ ਗਏ ਅਤੇ ਸਾਬਕਾ ਸੈਨਿਕਾਂ/ਵਿਧਵਾਵਾਂ ਅਤੇ ਆਸਰਿਤ ਦੀਆਂ ਮੁਸ਼ਕਲਾਂ ਵੀ ਸੁਣੀਆਂ ਗਈਆਂ। ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਗੁਰਦਾਸਪੁਰ ਵਿਖੇ ਜੀਵਤ ਹੋਣ ਦਾ ਪ੍ਰਮਾਣ ਪੱਤਰ (ਸਲਾਨਾ ਹਾਜ਼ਰੀ) ਸਬੰਧੀ 15 ਜਨਵਰੀ ਅਤੇ 16 ਜਨਵਰੀ 2025 ਨੂੰ 02 ਦਿਨਾਂ ਦਾ ਸਪਰਸ ਕੈਂਪ ਲਗਾਇਆ ਜਾ ਰਿਹਾ ਹੈ। ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਗੁਰਦਾਸਪੁਰ ਜ਼ਿਲ੍ਹੇ ਦੇ ਜਿੰਨੇ ਵੀ ਪੈਨਸ਼ਨਰ ਸਾਬਕਾ ਸੈਨਿਕ/ਉਨ੍ਹਾਂ ਦੀਆਂ ਵਿਧਵਾਵਾਂ ਅਤੇ ਆਸਰਿਤ ਦਾ ਸਪਰਸ ਪ੍ਰਣਾਲੀ ਰਾਹੀ ਮਹੀਨਾ ਜਨਵਰੀ 2025 ਦਾ ਜੀਵਨ ਪ੍ਰਮਾਣ ਪੱਤਰ ਸਰਟੀਫਿਕੇਟ ਅੱਪਲੋਡ ਹੋਣਾ ਬਾਕੀ ਹੈ, ਉਹ ਆਪਣਾ ਸਰਟੀਫਿਕੇਟ ਅੱਪਲੋਡ ਕਰਵਾ ਸਕਦੇ ਹਨ। ਸਰਟੀਫਿਕੇਟ ਅੱਪਲੋਡ ਕਰਵਾਉਣ ਲਈ ਫ਼ੌਜ ਦੀ ਪੈਨਸ਼ਨ ਦਾ ਪੀ.ਪੀ.ਓ. ਅਧਾਰ ਕਾਰਡ, ਬੈਂਕ ਪਾਸ ਬੁੱਕ, ਸਮੇਤ ਆਪਣਾ ਮੋਬਾਈਲ ਨੰਬਰ, ਜਿਸ ਵਿਚ ਹਰੇਕ ਮਹੀਨੇ ਦੀ ਪੈਨਸ਼ਨ ਦਾ ਮੈਸੇਜ ਆਉਂਦਾ ਹੈ ਦਾ ਵੇਰਵਾ ਦੇਣਾ ਜ਼ਰੂਰੀ ਹੈ। ਉਨ੍ਹਾਂ ਨੇ ਇਸ ਸਪਰਸ ਕੈਂਪ ਵਿਚ ਜ਼ਿਲ੍ਹੇ ਦੇ ਸਾਬਕਾ ਸੈਨਿਕਾ ਉਨ੍ਹਾਂ ਦੀਆਂ ਵਿਧਵਾਵਾਂ ਅਤੇ ਆਸਰਿਤਾਂ ਨੂੰ ਹਾਜ਼ਰ ਹੋਣ ਦਾ ਹਾਰਦਿਕ ਸੱਦਾ ਦਿੱਤਾ ਹੈ।

# ਕਾਸੋ ਮੁਹਿੰਮ ਤਹਿਤ ਖਰੜ ਪੁਲਸ ਨੇ ਬੱਸ ਸਟੈਂਡ ਖਰੜ ਵਿਚ ਚਲਾਇਆ ਸਰਚ ਅਭਿਆਨ

ਖਰੜ, 14 ਜਨਵਰੀ (ਕਾਲਾ ਸਿੰਘ ਸੈਣੀ )- ਐਸ.ਐਸ.ਪੀ. ਜਿਲਾ ਮੋਹਾਲੀ ਦੇ ਦਿਸ਼ਾਂ ਨਿਰਦੇਸ਼ਾਂ ਤਹਿਤ ਡੀ.ਐਸ.ਪੀ. ਖਰੜ ਕਰਨ ਸਿੰਘ ਸੰਧੂ ਦੀ ਅਗਵਾਈ 'ਚ ਬੱਸ ਸਟੈਂਡ ਖਰੜ ਵਿਖੇ ਕਾਸੋ ਮੁਹਿੰਮ ਤਹਿਤ ਸਰਚ ਅਭਿਆਨ ਚਲਾਇਆ ਗਿਆ। ਇਸ ਮੌਕੇ ਬੱਸ ਸਟੈਂਡ ਖਰੜ ਤੋਂ ਅਲੱਗ ਅਲੱਗ ਰਾਜਾਂ ਨੂੰ ਜਾ ਰਹੀਆਂ ਬੱਸਾਂ ਅਤੇ ਉਨਾਂ ਵਿੱਚ ਬੈਠੀਆਂ ਸਵਾਰੀਆਂ ਦੇ ਸਮਾਨ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਬੱਸ ਸਟੈਂਡ 'ਤੇ ਖੜੇ ਰਾਹਗਿਰਾਂ ਦੇ ਸਾਮਾਨ ਦੀ ਚੈਕਿੰਗ ਕੀਤੀ ਗਈ ਅਤੇ ਉਨਾਂ ਤੋਂ ਪੁੱਛ ਪੜਤਾਲ ਵੀ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਡੀ.ਐਸ.ਪੀ. ਖਰੜ ਨੇ ਦੱਸਿਆ ਕਿ ਪੁਲਸ ਵੱਲੋਂ ਸਮੇਂ ਸਮੇਂ ਸਿਰ ਇਸ ਤਰਾਂ ਦੇ ਆਪਰੇਸ਼ਨ ਕੀਤੇ ਜਾਣੇ ਹਨ ਤਾਂ ਜੋ ਸ਼ਰਾਰਤੀ ਅਨਸਰਾਂ ਦੇ ਮਨ ਵਿੱਚ ਡਰ ਬਣਿਆ ਰਹੇ। ਉਨਾਂ ਕਿਹਾ ਕਿ ਪੁਲਸ ਵੱਲੋਂ ਸ਼ਹਿਰ ਦੀਆਂ ਵੱਖ-ਵੱਖ ਸੁਸਾਇਟੀਆਂ ਦੇ ਨੁੰਮਾਇਦਿਆਂ ਨਾਲ ਮਿਲ ਕੇ ਸਮੇਂ ਸਮੇਂ 'ਤੇ ਉਸ ਜਗਾ ਰਹਿ ਰਹੇ ਲੋਕਾਂ ਦੀ ਚੈਕਿੰਗ ਕੀਤੀ ਜਾਂਦੀ ਹੈ। ਉਨਾਂ ਨੇ ਕਿਹਾ ਸ਼ਹਿਰ ਵਿਚ ਚੋਰੀ ਦੀਆਂ ਅਤੇ ਲੁੱਟ ਖੋਹ ਦੀਆਂ ਵਾਰਦਾਤਾਂ ਨੂੰ ਰੋਕਣ ਲਈ ਪੀ.ਸੀ.ਆਰ. ਵੱਲੋਂ ਲਗਾਤਾਰ ਪੈਟਰੋਲਿੰਗ ਕੀਤੀ ਜਾਂਦੀ ਹੈ ਅਤੇ ਸੰਵੇਦਨਸ਼ੀਨ ਇਲਾਕਿਆਂ ਤੇ ਪੁਲਸ ਦੀ ਗਸ਼ਤ ਵਧਾਈ ਗਈ ਹੈ। ਉਨਾਂ ਕਿਹਾ ਕਿ ਸ਼ਹਿਰ ਵਿਚ ਜਿਨਾਂ ਵਿਅਕਤੀਆਂ 'ਤੇ ਪਹਿਲਾਂ ਮੁਕੱਦਮੇ ਚੱਲ ਰਹੇ ਹਨ ਜਾਂ ਕਿਸੇ ਮਾਮਲੇ ਦੇ ਵਿੱਚ ਜਮਾਨਤ 'ਤੇ ਬਾਹਰ ਹਨ ਉਨਾਂ 'ਤੇ ਸਪੈਸ਼ਲ ਤੌਰ 'ਤੇ ਨਜ਼ਰ ਰੱਖੀ ਜਾ ਰਹੀ ਹੈ। ਡੀ.ਐਸ.ਪੀ. ਖਰੜ ਨੇ ਦੱਸਿਆ ਕਿ ਡਰਿੰਕ ਅਤੇ ਡਰਾਈਵ ਨੂੰ ਰੋਕਣ ਲਈ ਪੁਲਸ ਵੱਲੋਂ ਰਾਤ ਨੂੰ ਜਗਾ ਜਗਾ ਤੇ ਨਾਕੇ ਲਗਾ ਕੇ ਚਲਾਨ ਕੀਤੇ ਜਾਂਦੇ ਹਨ ਅਤੇ ਗੱਡੀਆਂ ਦੀ ਚੈਕਿੰਗ ਵੀ ਕੀਤੀ ਜਾਂਦੀ ਹੈ। ਇਸ ਮੌਕੇ ਐਸ.ਐਚ.ਓ. ਸਿਟੀ ਪੈਰੀਵਿੰਕਲ ਸਿੰਘ ਗਰੇਵਾਲ, ਐਸ.ਐਚ.ਓ. ਸਦਰ ਅਮਰਿੰਦਰ ਸਿੰਘ, ਐਸ.ਐਚ.ਓ. ਸੰਨੀ ਇਨਕਲੇਵ ਚਰਨ ਸਿੰਘ ਰਾਮੇਵਾਲ ਸਮੇਤ ਵੱਡੀ ਗਿਣਤੀ ਵਿਚ ਪੁਲਸ ਮੁਲਾਜਮ ਹਾਜਰ ਸਨ।



# ਸੀ-ਪਾਈਟ ਡੇਰਾ ਬਾਬਾ ਨਾਨਕ ਵਿਖੇ ਅਗਨੀਵੀਰ ਭਰਤੀ ਲਈ ਸਿਖਲਾਈ ਕੈਂਪ ਸ਼ੁਰੂ ਹੋਣਗੇ

ਗੁਰਦਾਸਪੁਰ-ਨਵਨੀਤ ਕੁਮਾਰ -
ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ, (ਨਜ਼ਦੀਕ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਲੜਕੇ, ਡੇਰਾ ਬਾਬਾ ਨਾਨਕ) ਵੱਲੋਂ ਸਾਲ 2025-26 ਲਈ ਹੋਣ ਵਾਲੀ ਆਰਮੀ ਅਗਨੀਵੀਰ ਭਰਤੀ ਲਈ ਮੁਫ਼ਤ ਲਿਖਤੀ ਪੇਪਰ ਦੀ ਸਿਖਲਾਈ ਲਈ ਕੈਂਪ ਲਗਾਏ ਜਾ ਰਹੇ ਹਨ, ਜਿਨ੍ਹਾਂ ਦੀ ਰਜਿਸਟਰੇਸ਼ਨ ਸ਼ੁਰੂ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸੀ-ਪਾਈਟ ਡੇਰਾ ਬਾਬਾ ਨਾਨਕ ਦੇ ਟਰੇਨਿੰਗ ਅਫ਼ਸਰ ਗੁਰਨਾਮ ਸਿੰਘ ਨੇ ਦੱਸਿਆ ਕਿ ਬੈਚ ਨੰਬਰ 1 ਲਈ ਰਜਿਸਟ੍ਰੇਸ਼ਨ 16 ਜਨਵਰੀ 2025 ਤੱਕ ਕਰਵਾਈ ਜਾ ਸਕਦੀ ਹੈ। ਬੈਚ ਨੰਬਰ 2 ਲਈ ਰਜਿਸਟ੍ਰੇਸ਼ਨ 16 ਫਰਵਰੀ 2025 ਤੱਕ ਅਤੇ ਬੈਚ ਨੰਬਰ 3 ਲਈ ਰਜਿਸਟ੍ਰੇਸ਼ਨ 16 ਮਾਰਚ 2025 ਤੱਕ ਕਰਵਾਈ ਜਾ ਸਕਦੀ ਹੈ। ਟਰੇਨਿੰਗ ਅਫ਼ਸਰ ਗੁਰਨਾਮ ਸਿੰਘ ਨੇ ਦੱਸਿਆ ਕਿ ਜਿਹੜੇ ਨੌਜਵਾਨ ਜ਼ਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਦੇ ਨਾਲ ਸਬੰਧਿਤ ਹਨ ਅਤੇ ਦਸਵੀਂ ਕਲਾਸ ਪਾਸ ਕਰ ਚੁੱਕੇ ਹਨ ਅਤੇ ਉਨ੍ਹਾਂ ਦੀ ਉਮਰ ਸਾਢੇ 17 ਸਾਲ ਤੋਂ 21 ਸਾਲ ਤੱਕ ਹੈ ਅਤੇ ਆਰਮੀ ਅਗਨੀਵੀਰ ਵਿੱਚ ਜਾਣ ਦੇ ਚਾਹਵਾਨ ਹਨ, ਉਹ ਉੱਪਰ ਦਿੱਤੀਆਂ ਤਰੀਕਾਂ ਅਨੁਸਾਰ ਆਪਣੇ ਸਾਰੇ ਅਸਲ ਦਸਤਾਵੇਜ਼, ਉਨ੍ਹਾਂ ਦੀ ਫ਼ੋਟੋ ਕਾਪੀਆਂ ਦੇ ਨਾਲ ਦੋ ਪਾਸਪੋਰਟ ਸਾਈਜ਼ ਫ਼ੋਟੋਗਰਾਫ ਨਾਲ ਲੈ ਕੇ ਕੈਂਪ ਵਿੱਚ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੈਂਪ ਦੀ ਟਰੇਨਿੰਗ ਦੌਰਾਨ ਯੁਵਕਾਂ ਨੂੰ ਰਿਹਾਇਸ਼, ਖਾਣਾ ਅਤੇ ਟਰੇਨਿੰਗ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਸੀ-ਪਾਈਟ ਡੇਰਾ ਬਾਬਾ ਨਾਨਕ ਦੇ ਸੰਪਰਕ ਨੰਬਰਾਂ 62830-31125, 94174-20125, 94647-56808,9914583847 ਉੱਪਰ ਰਾਬਤਾ ਕੀਤਾ ਜਾ ਸਕਦਾ ਹੈ।




ਰੋਜ਼ਾਨਾ ਲੋਕ ਬਾਣੀ www.lokbani

# ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਨੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਲੋੜਵੰਦਾਂ ਨੂੰ ਗਰਮ ਕੰਬਲ ਵੰਡੇ




ਗੁਰਦਾਸਪੁਰ-ਨਵਨੀਤ ਕੁਮਾਰ -
ਵੱਧ ਰਹੀ ਸਰਦੀ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਗੁਰਦਾਸਪੁਰ ਵੱਲੋਂ ਅੱਜ ਗੁਰਦਾਸਪੁਰ ਸ਼ਹਿਰ ਦੇ ਘੁਰਾਲਾ ਬਾਈਪਾਸ ਵਿਖੇ ਬਣੀਆਂ ਝੁੱਗੀਆਂ ਵਿੱਚ ਰਹਿ ਰਹੇ 45 ਦੇ ਕਰੀਬ ਵਿਅਕਤੀਆਂ ਨੂੰ ਗਰਮ ਕੰਬਲ ਵੰਡੇ ਗਏ। ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ, ਗੁਰਦਾਸਪੁਰ ਨੇ ਝੁੱਗੀਆਂ ਵਿੱਚ ਰਹਿ ਰਹੇ ਲੋੜਵੰਦਾਂ ਨੂੰ ਕੰਬਲ ਵੰਡਣ ਮੌਕੇ ਕਿਹਾ ਕਿ ਠੰਡ ਦੇ ਮੌਸਮ ਵਿੱਚ ਉਹ ਆਪਣਾ ਅਤੇ ਆਪਣੇ ਬੱਚਿਆਂ ਦਾ ਖ਼ਿਆਲ ਰੱਖਣ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਹਮੇਸ਼ਾਂ ਹੀ ਮਾਨਵਤਾ ਦੀ ਸੇਵਾ ਲਈ ਤਤਪਰ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਕੜਾਕੇ ਦੀ ਠੰਡ ਪੈ ਰਹੀ ਹੈ ਅਤੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਇਸ ਸਭ ਨੂੰ ਧਿਆਨ ਵਿੱਚ ਰੱਖਦੇ ਹੋਏ ਝੁੱਗੀਆਂ ਵਿੱਚ ਰਹਿਣ ਵਾਲੇ ਵਿਅਕਤੀਆਂ ਨੂੰ ਗਰਮ ਕੰਬਲ ਵੰਡੇ ਗਏ ਹਨ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਅਜਿਹੇ ਮਾਨਵਤਾਵਾਦੀ ਕਾਰਜ ਜਾਰੀ ਰਹਿਣਗੇ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਸ੍ਰੀ ਰਾਜੀਵ ਸਿੰਘ ਵੀ ਹਾਜ਼ਰ ਸਨ।

# ਕਾਲਾ ਬੂਲਾ ਵਿਖੇ 40 ਮੁਕਤਿਆਂ ਦੇ ਸ਼ਹੀਦੀ ਦਿਹਾੜੇ ਨੂੰ ਮੁੱਖ ਰੱਖਦਿਆਂ ਲਗਾਏ ਲੰਗਰ




ਸ਼ੇਰਪੁਰ , (ਲੋਕ ਬਾਣੀ) - ਏਕਤਾ ਨੌਜਵਾਨ ਕਲੱਬ ਕਾਲਾ ਬੂਲਾ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਅੱਜ ਸਵੇਰ ਤੋ 40 ਮੁਕਤਿਆ ਦੀ ਲਾਸਾਨੀ ਸ਼ਹਾਦਤ ਨੂੰ ਨਿੱਘੀ ਸਰਧਾਂਜਲੀ ਦਿੰਦੇ ਹੋਏ ਪਿੰਡ ਦੇ ਉੱਦਮੀ ਨੌਜਵਾਨਾਂ ਵੱਲੋਂ ਚਾਹ-ਪਕੌੜੇ ਦੇ ਲੰਗਰ ਲਗਾਏ ਗਂਏ । ਜਾਣਕਾਰੀ ਦਿੰਦਿਆਂ ਕਲੱਬ ਪ੍ਰਧਾਨ ਗੋਪਾਲ ਸਿੰਘ ਅਤੇ ਕਮੇਟੀ ਪ੍ਰਧਾਨ ਗੁਰਤੇਜ ਸਿੰਘ ਨੇ ਚੋਣਵੇਂ ਪੱਤਰਕਾਰਾਂ ਨੂੰ ਦੱਸਿਆ ਕਿ ਧਾਲੀਵਾਲ ਫਾਰਮ ਬਾਜਵੇ ਵਾਲੇ ਮੋੜ ਉਪਰ ਲੰਗਰ ਦਾ ਪ੍ਰਬੰਧ ਕੀਤਾ ਗਿਆ ਅਤੇ ਆਉਣ ਜਾਣ ਵਾਲੀਆ ਸੰਗਤਾਂ ਵਾਸਤੇ ਲੰਗਰ ਲਗਾਏ ਗਏ ਸਨ । ਇਸ ਮੌਕੇ ਗੁਰਤੇਜ ਸਿੰਘ ਪ੍ਰਧਾਨ, ਗੋਪਾਲ ਸਿੰਘ ਕਲੱਬ ਪ੍ਰਧਾਨ , ਧਰਮਜੀਤ ਸਿੰਘ , ਅਮਰਜੀਤ ਸਿੰਘ, ਕੁਲਦੀਪ ਸਿੰਘ, ਦਲਜੀਤ ਸਿੰਘ ਕਾਲਾ, ਮਨਪ੍ਰੀਤ ਸਿੰਘ ਮਾਡ਼ੂ, ਹਰਪ੍ਰੀਤ ਸਿੰਘ, ਕੁਲਵੰਤ ਸਿੰਘ ,ਜੀਵਨ ਸਿੰਘ ਖਜਾਨਚੀ, ਜਸਬੀਰ ਸਿੰਘ ਜੱਸਾ, ਗਗਨਦੀਪ ਸਿੰਘ , ਮੰਦਰ ਸਿੰਘ ਮਿਸਤਰੀ , ਕਰਨ ਸਿੰਘ , ਗੋਪੀ, ਗੁਰਚਰਨ ਸਿੰਘ ਕਾਲਾ, ਨਿੱਕਾ ਸਿੰਘ, ਲਖਬੀਰ ਸਿੰਘ ਲੱਖੀ ,ਪੂਰਨ ਸਿੰਘ ਇਲਾਵਾ ਹੋਰ ਵੀ ਸੇਵਾਦਾਰ ਹਾਜ਼ਰ ਸਨ।

# ਇਤਿਹਾਸਕ ਗੁਰਦੁਆਰਾ ਚੌਂਤਾ ਸਾਹਿਬ ਪਿੰਡ ਬਬੇਲੀ ਵਿਖੇ ਸ਼ਰਧਾ ਨਾਲ ਮਨਾਈ ਮਾਘੀ ਮਹੀਨੇ ਦੀ ਸੰਗਰਾਂਦ

ਫਗਵਾੜਾ ( ਸੁਸ਼ੀਲ ਸ਼ਰਮਾ )
ਇਤਿਹਾਸਕ ਗੁਰਦੁਆਰਾ ਚੌਂਤਾ ਸਾਹਿਬ ਪਿੰਡ ਬਬੇਲੀ ਤਹਿਸੀਲ ਫਗਵਾੜਾ ਵਿਖੇ ਮਾਘੀ ਮਹੀਨੇ ਦੀ ਪਵਿੱਤਰ ਸੰਗਰਾਂਦ ਦਾ ਦਿਹਾੜਾ ਪ੍ਰਬੰਧਕ ਕਮੇਟੀ ਵਲੋਂ ਕਮੇਟੀ ਪ੍ਰਧਾਨ ਬਲਦੇਵ ਸਿੰਘ ਦੀ ਅਗਵਾਈ ਹੇਠ ਇਲਾਕੇ ਭਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹੈਡ ਗ੍ਰੰਥੀ ਭਾਈ ਲਖਵਿੰਦਰ ਸਿੰਘ ਬਬੇਲੀ ਨੇ ਸਰਬੱਤ ਦੇ ਭਲੇ ਅਤੇ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਉਪਰੰਤ ਪੰਥਕ ਢਾਡੀ ਭਾਈ ਅਮਰਜੀਤ ਸਿੰਘ ਸਿੰਧਵਾ ਕਾਲੇਜ ਵਾਲਿਆਂ ਦੇ ਜੱਥੇ ਨੇ ਢਾਡੀ ਵਾਰਾਂ ਰਾਹੀਂ ਸੰਗਤਾ ਨੂੰ ਚਾਲੀ ਮੁਕਤਿਆਂ ਦੀ ਬਹਾਦਰੀ ਦੇ ਪ੍ਰਸੰਗ ਭਰੇ ਇਤਿਹਾਸ ਨਾਲ ਜਿੜਿਆ। ਕਮੇਟੀ ਪ੍ਰਧਾਨ ਬਲਦੇਵ ਸਿੰਘ ਨੇ ਸਮੂਹ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਇਤਿਹਾਸ ਮਹਾਨ ਸ਼ਹਾਦਤਾਂ ਨਾਲ ਭਰਿਆ ਹੈ। ਜਿਸ ਵਿਚ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਲੀ ਮੁਕਤਿਆਂ ਦੀ ਲਸਾਨੀ ਸ਼ਹਾਦਤ ਦਾ ਵੀ ਪ੍ਰਮੁੱਖ ਸਥਾਨ ਹੈ। ਉਹਨਾਂ ਚਾਲੀ ਮੁਕਤਿਆਂ ਦੀ ਸ਼ਹਾਦਤ ਤੋਂ ਨੌਜਵਾਨਾਂ ਨੂੰ ਸੇਧ ਲੈਣ ਦੀ ਅਪੀਲ ਵੀ ਕੀਤੀ। ਇਸ ਮੌਕੇ ਢਾਡੀ ਜੱਥੇ ਸਮੇਤ ਪ੍ਰਮੁੱਖ ਸ਼ਖਸੀਅਤਾਂ, ਸੇਵਾਦਾਰਾਂ, ਸਹਿਯੋਗੀਆਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਭੇਂਟ ਕੀਤੇ ਗਏ। ਗੁਰੂ ਕਾ ਲੰਗਰ ਸੇਵਾਦਾਰਾਂ ਵਲੋਂ ਅਤੁੱਟ ਵਰਤਾਇਆ ਗਿਆ। ਇਸ ਮੌਕੇ ਹਰਜਿੰਦਰ ਸਿੰਘ ਮੀਤ ਪ੍ਰਧਾਨ, ਕੁੰਦਨ ਸਿੰਘ, ਰਣਜੀਤ ਸਿੰਘ ਖਾਲਸਾ, ਬੀਬੀ ਸਰਬਜੀਤ ਕੌਰ, ਪਰਮਜੀਤ ਕੌਰ, ਅਮਨਦੀਪ ਸਿੰਘ ਉੱਚਾ ਪਿੰਡ, ਮਲਕੀਤ ਸਿੰਘ ਉੱਚਾ ਪਿੰਡ, ਕਸ਼ਮੀਰ ਸਿੰਘ, ਬਲਵਿੰਦਰ ਸਿੰਘ, ਗੁਰਮੀਤ ਸਿੰਘ ਰਾਣੀਪੁਰ, ਹਰਪਾਲ ਸਿੰਘ ਉੱਚਾ ਪਿੰਡ, ਅਮਰੀਕ ਸਿੰਘ, ਇਕਬਾਲ ਸਿੰਘ, ਤੀਰਥ ਸਿੰਘ, ਹਰਜਿੰਦਰ ਸਿੰਘ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਪ੍ਰਭਜੋਤ ਸਿੰਘ, ਭੁਪਿੰਦਰ ਸਿੰਘ, ਸੁਰਿੰਦਰ ਸਿੰਘ, ਪਲਵਿੰਦਰ ਸਿੰਘ, ਸਤਨਾਮ ਸਿੰਘ, ਪਰਮਜੀਤ ਸਿੰਘ, ਨਿਰੰਜਣ ਸਿੰਘ, ਹਰਤੇਜ ਸਿੰਘ ਉੱਚਾ ਪਿੰਡ, ਜਸਪ੍ਰੀਤ ਕੌਰ ਉੱਚਾ ਪਿੰਡ, ਨਰਿੰਦਰ ਸਿੰਘ, ਮੱਖਣ ਸਿੰਘ, ਗੁਰਮੀਤ ਸਿੰਘ ਉੱਚਾ ਪਿੰਡ, ਸੰਤੋਖ ਸਿੰਘ, ਮੁਖਤਿਆਰ ਸਿੰਘ, ਤਰਲੋਚਨ ਸਿੰਘ, ਤਰਸੇਮ ਸਿੰਘ, ਅਮਰਜੀਤ ਸਿੰਘ, ਬਲਵੀਰ ਸਿੰਘ, ਜੋਗਿੰਦਰ ਸਿੰਘ, ਤਰਲੋਕ ਸਿੰਘ, ਜੋਧ ਸਿੰਘ, ਗੁਰਜੰਟ ਸਿੰਘ, ਕਮਲਜੀਤ ਸਿੰਘ, ਕਰਮ ਸਿੰਘ, ਗੁਰਚਰਨ ਸਿੰਘ ਮੂਸਾਰਪੁਰ, ਸੁਖਵਿੰਦਰ ਸਿੰਘ, ਬਲਵੰਤ ਸਿੰਘ, ਚਰਨਜੀਤ ਸਿੰਘ, ਗੁਰਪ੍ਰੀਤ ਸਿੰਘ ਅਤੇ ਲਖਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਹਾਜਰ ਸਨ।





SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
/stsoldiergroup
www.stsoldiergroup.com
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565